ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 31 ਮਾਰਚ 2026 (ਨਾਨਕਸ਼ਾਹੀ ਸੰਮਤ : ੫੫੮, ੧੮ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਠਿੰਡਾ 'ਚ ਕਾਂਗਰਸੀ ਆਗੂ ਸੁਖਰਾਜ ਨੱਤ ਦੇ ਪੁੱਤ ਨੇ ਖੁਦ ਨੂੰ ਮਾਰੀ ਗੋਲੀ, ਹੋਈ ਮੌਤ; ਮੁਹਾਲੀ ਦੇ ਬਿਲਡਰ 'ਤੇ ਲਗਾਏ ਇਲਜਾਮ

**ਬਠਿੰਡਾ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ 'ਚ ਇੱਕ ਨੌਜਵਾਨ ਵੱਲੋਂ ਖੁਦ ਨੂੰ ਗੋਲੀ ਮਾਰ ਕੇ ਖੁਦਕੁਸ਼ੀ ਕਰ ਲੈਣ ਦਾ ਮਾਮਲਾ ਸਾਹਮਣੇ ਆਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਮ੍ਰਿਤਕ ਨੌਜਵਾਨ ਦੀ ਪਛਾਣ ਦਵਿੰਦਰ ਪਾਲ ਨੱਤ ਵਜੋਂ ਹੋਈ ਹੈ ਜੋ ਕਿ ਕਾਂਗਰਸ ਨੇਤਾ ਸੁਖਰਾਜ ਨੱਤ ਦਾ ਪੁੱਤ ਦੱਸਿਆ ਜਾ ਰਿਹਾ ਹੈ। ਮ੍ਰਿਤਕ ਨੇ ਮਰਨ ਤੋਂ ਪਹਿਲਾਂ ਵੀਡੀਓ ਵੀ ਬਣਾਈ ਸੀ ਜਿਸ 'ਚ ਉਸ ਨੇ ਮੁਹਾਲੀ ਦੇ ਬਿਲਡਰ 'ਤੇ ਤੰਗ ਪਰੇਸ਼ਾਨ ਕਰਨ ਦਾ ਇਲਜ਼ਾਮ ਲਗਾਇਆ ਹੈ। ਵੀਡੀਓ 'ਚ ਦਵਿੰਦਰ ਪਾਲ ਵੱਲੋਂ ਕਿਹਾ ਜਾ ਰਿਹਾ ਹੈ ਕਿ ਬਿਲਡਰ ਵੱਲੋਂ ਕਰੋੜਾਂ ਦੇ ਕਰੀਬ ਪੈਸੇ ਲਏ ਗਏ ਹਨ। ਪਰ ਉਸ ਵੱਲੋਂ ਪੈਸੇ ਨਹੀਂ ਦਿੱਤੇ ਜਾ ਰਹੇ ਅਤੇ ਉਸ ਨੂੰ ਹੁਣ ਡਰਾਇਆ ਧਮਕਾਇਆ ਜਾ ਰਿਹਾ ਹੈ। ਜਿਸ ਕਾਰਨ ਹੁਣ ਉਹ ਕਦਮ ਚੁੱਕ ਰਿਹਾ ਹੈ। ਦਵਿੰਦਰ ਨੱਤ ਨੇ ਆਪਣੇ 30 ਬੋਰ ਪਿਸਤੌਲ ਨਾਲ ਗੋਲੀ ਮਾਰ ਲਈ ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਵੀਡੀਓ 'ਚ ਦਵਿੰਦਰ ਪਾਲ ਨੇ ਆਪਣੇ ਪਰਿਵਾਰ ਨੂੰ ਇਨਸਾਫ ਦਿਵਾਉਣ ਦੀ ਗੱਲ ਆਖੀ ਹੈ। ਦੱਸ ਦਈਏ ਕਿ ਬਠਿੰਡਾ ਪੁਲਿਸ ਨੇ ਖੁਦਕੁਸ਼ੀ ਕਰਨ ਤੋਂ ਪਹਿਲਾਂ ਬਣਾਈ ਗਈ ਵੀਡੀਓ ਦੇ ਆਧਾਰ 'ਤੇ ਅਤੇ ਮ੍ਰਿਤਕ ਦੀ ਮਾਤਾ ਦੇ ਬਿਆਨ 'ਤੇ ਮਾਮਲਾ ਦਰਜ ਕੀਤਾ ਗਿਆ ਹੈ। ਬਠਿੰਡਾ ਦੇ ਸਿਟੀ ਐਸਪੀ ਨੇ ਦੱਸਿਆ ਕਿ ਵੀਡੀਓ ਦੇਖ ਆਧਾਰ 'ਤੇ ਅਤੇ ਮ੍ਰਿਤਕ ਦੀ ਮਾਤਾ ਦੇ ਬਿਆਨ 'ਤੇ ਮਾਮਲਾ ਦਰਜ ਕਰਕੇ ਕਾਰਵਾਈ ਕੀਤੀ ਜਾ ਰਹੀ ਹੈ।

## ਫਰਜੀ ਬੰਬ ਧਮਾਕਿਆਂ ਦੀ ਈਮੇਲ ਭੇਜਣ ਵਾਲਾ

# ਮਾਸਟਰਮਾਈਂਡ ਗ੍ਰਿਫ਼ਤਾਰ, 1000 ਤੋਂ ਵੱਧ ਧਮਕੀਆਂ ਭੇਜੀਆਂ !

**ਨਵੀਂ ਦਿੱਲੀ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਵਿੱਚ ਵਾਰ-ਵਾਰ ਮਿਲ ਰਹੀਆਂ ਝੂਠੀਆਂ ਬੰਬ ਧਮਕੀਆਂ ਦੇ ਮਾਮਲੇ ਵਿੱਚ ਪੁਲਿਸ ਨੂੰ ਇੱਕ ਵੱਡੀ ਸਫਲਤਾ ਮਿਲੀ ਹੈ। ਦਿੱਲੀ ਪੁਲਿਸ ਨੇ ਕਰਨਾਟਕ ਦੇ ਮੈਸੂਰ ਤੋਂ 47 ਸਾਲਾ ਦੋਸ਼ੀ ਸ਼੍ਰੀਨਿਵਾਸ ਲੁਈਸ ਨੂੰ ਗ੍ਰਿਫ਼ਤਾਰ ਕੀਤਾ ਹੈ। ਉਸ 'ਤੇ ਪਿਛਲੇ ਕਈ ਮਹੀਨਿਆਂ ਦੌਰਾਨ ਦਿੱਲੀ ਦੀਆਂ ਅਦਾਲਤਾਂ ਅਤੇ ਸਕੂਲਾਂ ਨੂੰ ਬੰਬ ਨਾਲ ਉਡਾਉਣ ਦੀ ਧਮਕੀ ਦੇਣ ਵਾਲੇ ਕਈ ਝੂਠੇ ਈਮੇਲ ਭੇਜਣ ਦਾ ਮੁਲਜ਼ਮ ਹੈ। ਪੁਲਿਸ ਨੇ ਉਸ ਤੋਂ ਮੋਬਾਈਲ ਫੋਨ, ਲੈਪਟਾਪ ਅਤੇ ਹੋਰ ਇਲੈਕਟ੍ਰਾਨਿਕ ਉਪਕਰਣ ਜ਼ਬਤ ਕੀਤੇ ਹਨ। ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਦੋਸ਼ੀ ਮਾਨਸਿਕ ਤੌਰ 'ਤੇ ਅਸਥਿਰ ਹੈ। ਉਸਨੂੰ ਅੱਜ ਦਿੱਲੀ ਲਿਆਂਦਾ ਜਾਵੇਗਾ, ਜਿਸ ਤੋਂ ਬਾਅਦ ਪੂਰੀ ਜਾਂਚ ਕੀਤੀ ਜਾਵੇਗੀ। ਪੁਲਿਸ ਦੇ ਅਨੁਸਾਰ, ਮੁਲਜ਼ਮ ਨੂੰ ਮੈਸੂਰ ਦੇ ਵਰਿੰਦਾਵਨ ਲੇਆਉਟ ਵਿੱਚ ਉਸਦੇ ਘਰ 'ਤੇ ਛਾਪੇਮਾਰੀ ਦੌਰਾਨ ਗ੍ਰਿਫ਼ਤਾਰ ਕੀਤਾ ਗਿਆ ਸੀ।



ਮੁੱਢਲੀ ਜਾਂਚ ਵਿੱਚ ਪਤਾ ਲੱਗਾ ਹੈ ਕਿ ਸ਼੍ਰੀਨਿਵਾਸ ਉੱਚ ਸਿੱਖਿਆ ਪ੍ਰਾਪਤ ਹੈ ਅਤੇ ਪੋਸਟ ਗ੍ਰੈਜੂਏਟ ਡਿਗਰੀ ਰੱਖਦਾ ਹੈ, ਪਰ ਵਰਤਮਾਨ ਵਿੱਚ ਬੇਰੁਜ਼ਗਾਰ ਹੈ। ਸ਼੍ਰੀਨਿਵਾਸ ਆਪਣੀ ਮਾਂ, ਇੱਕ ਸੇਵਾਮੁਕਤ ਸਰਕਾਰੀ ਸਕੂਲ ਅਧਿਆਪਕਾ ਨਾਲ ਰਹਿੰਦਾ ਹੈ। ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਕਿ ਦੋਸ਼ੀ ਨੇ ਕਾਨੂੰਨ ਦੀ ਪੜ੍ਹਾਈ ਸ਼ੁਰੂ ਕਰ ਦਿੱਤੀ ਸੀ ਪਰ ਆਪਣਾ ਆਖਰੀ ਸਾਲ ਪੂਰਾ ਕਰਨ ਵਿੱਚ ਅਸਮਰੱਥ ਸੀ।" ਸੂਤਰਾਂ ਅਨੁਸਾਰ, ਪੁਲਿਸ ਨੂੰ ਸ਼ੱਕ ਹੈ ਕਿ ਇਸ ਮਾਨਸਿਕ ਪ੍ਰੇਸ਼ਾਨੀ ਨੇ ਉਸਨੂੰ ਅਦਾਲਤਾਂ ਨੂੰ ਨਿਸ਼ਾਨਾ ਬਣਾਉਣ ਲਈ ਪ੍ਰੇਰਿਤ ਕੀਤਾ। ਅਧਿਕਾਰੀਆਂ ਦੇ ਅਨੁਸਾਰ, ਦੋਸ਼ੀ ਨੇ ਪਿਛਲੇ ਕੁਝ ਮਹੀਨਿਆਂ ਵਿੱਚ ਦਿੱਲੀ ਹਾਈ ਕੋਰਟ ਅਤੇ ਕਈ ਜ਼ਿਲ੍ਹਾ ਅਦਾਲਤਾਂ ਨੂੰ 1,000 ਤੋਂ ਵੱਧ ਧਮਕੀ ਭਰੇ ਈਮੇਲ ਭੇਜੇ ਹਨ। ਪੁਲਿਸ ਇਹ ਵੀ ਜਾਂਚ ਕਰ ਰਹੀ ਹੈ ਕਿ ਕੀ ਦੋਸ਼ੀ ਨੇ ਦਿੱਲੀ ਦੇ ਸਕੂਲਾਂ ਨੂੰ ਵੀ ਇਸੇ ਤਰ੍ਹਾਂ ਦੀਆਂ ਧਮਕੀ ਭਰੀਆਂ ਈਮੇਲ ਭੇਜੀਆਂ ਸਨ। ਪਿਛਲੇ ਦੋ ਸਾਲਾਂ ਵਿੱਚ ਰਾਜਧਾਨੀ ਦੇ 500 ਤੋਂ ਵੱਧ ਸਕੂਲਾਂ ਅਤੇ ਸਰਕਾਰੀ ਸੰਸਥਾਵਾਂ ਨੂੰ ਬੰਬ ਨਾਲ ਉਡਾਉਣ ਦੀਆਂ ਅਜਿਹੀਆਂ ਝੂਠੀਆਂ ਧਮਕੀਆਂ ਮਿਲੀਆਂ ਹਨ, ਜਿਸ ਨਾਲ ਜਨਤਾ ਵਿੱਚ ਡਰ ਅਤੇ ਦਹਿਸ਼ਤ ਦਾ ਮਾਹੌਲ ਪੈਦਾ ਹੋ ਗਿਆ ਹੈ।

## ਲਸ਼ਕਰ ਦਾ ਅੱਤਵਾਦੀ ਸ਼ਬੀਰ ਅਹਿਮਦ ਲੋਨ ਦਿੱਲੀ ਤੋਂ ਗ੍ਰਿਫ਼ਤਾਰ, ਆਈ. ਐਸ. ਆਈ. ਦੇ ਇਸ਼ਾਰੇ 'ਤੇ ਬਣਾਇਆ ਸੀ ਮਾਡਿਊਲ

**ਨਵੀਂ ਦਿੱਲੀ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੁਰੱਖਿਆ ਏਜੰਸੀਆਂ ਨੇ ਦਿੱਲੀ ਸਰਹੱਦ ਤੋਂ ਲਸ਼ਕਰ-ਏ-ਤੋਇਬਾ ਦੇ ਅੱਤਵਾਦੀ ਸ਼ਬੀਰ ਅਹਿਮਦ ਲੋਨ ਨੂੰ ਸਫਲਤਾਪੂਰਵਕ ਗ੍ਰਿਫ਼ਤਾਰ ਕਰ ਲਿਆ ਹੈ। ਲੋਨ ਪਾਕਿਸਤਾਨੀ ਖੁਫੀਆ ਏਜੰਸੀ, ਇੰਟਰ-ਸਰਵਿਸਿਜ਼ ਇੰਟੈਲੀਜੈਂਸ ਦੇ ਇਸ਼ਾਰੇ 'ਤੇ ਬੰਗਲਾਦੇਸ਼ ਤੋਂ ਇੱਕ ਨਵਾਂ ਲਸ਼ਕਰ ਮਾਡਿਊਲ ਤਿਆਰ ਕਰ ਰਿਹਾ ਸੀ। ਪੰਜਾਬ ਖ਼ਬਰਾਂ ਇੱਕ ਸੂਚਨਾ 'ਤੇ ਕਾਰਵਾਈ ਕਰਦੇ ਹੋਏ, ਦਿੱਲੀ ਪੁਲਿਸ ਅਤੇ ਸੁਰੱਖਿਆ ਬਲਾਂ ਨੇ ਇੱਕ ਜਾਲ ਵਿਛਾ ਕੇ ਉਸਨੂੰ ਰਾਜਧਾਨੀ ਦੀ ਸਰਹੱਦ 'ਤੇ ਫੜ ਲਿਆ। ਜਾਂਚ ਤੋਂ ਪਤਾ ਲੱਗਾ ਹੈ ਕਿ ਉਹ ਸਰਹੱਦ ਪਾਰ ਤੋਂ ਮਿਲੇ ਨਿਰਦੇਸ਼ਾਂ ਦੇ ਆਧਾਰ 'ਤੇ ਭਾਰਤ ਵਿਰੋਧੀ ਗਤੀਵਿਧੀਆਂ ਨੂੰ ਅੰਜਾਮ ਦੇਣ ਦੇ ਮਿਸ਼ਨ 'ਤੇ ਸੀ। ਜਾਂਚ ਏਜੰਸੀਆਂ ਉਸ ਤੋਂ ਪੁੱਛਗਿੱਛ ਕਰ ਰਹੀਆਂ ਹਨ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਉਸਦੇ ਹੋਰ ਕਿੰਨੇ ਸਾਥੀ ਦਿੱਲੀ ਅਤੇ ਆਸ ਪਾਸ ਦੇ ਇਲਾਕਿਆਂ ਵਿੱਚ ਲੁਕੇ ਹੋਏ ਹਨ। ਹਾਲ ਹੀ ਵਿੱਚ, ਦਿੱਲੀ ਅਤੇ ਦੱਖਣੀ ਭਾਰਤ ਵਿੱਚ ਇੱਕ ਲਸ਼ਕਰ-ਏ-ਤੋਇਬਾ ਮਾਡਿਊਲ ਦਾ ਪਰਦਾਫਾਸ਼ ਕੀਤਾ ਗਿਆ ਸੀ। ਇਸ ਮਾਡਿਊਲ ਨੇ ਦਿੱਲੀ ਅਤੇ ਕੋਲਕਾਤਾ ਵਿੱਚ ਵੱਖ-ਵੱਖ ਥਾਵਾਂ 'ਤੇ ਭਾਰਤ ਵਿਰੋਧੀ ਪੋਸਟਰ ਲਗਾਏ ਸਨ।



ਦਿੱਲੀ ਪੁਲਿਸ ਦੇ ਵਿਸ਼ੇਸ਼ ਸੈੱਲ ਅਤੇ ਕੇਂਦਰੀ ਏਜੰਸੀਆਂ ਨੂੰ ਇੱਕ ਵੱਡੀ ਸਫਲਤਾ ਮਿਲੀ ਹੈ। ਸ਼ਬੀਰ ਅਹਿਮਦ ਲੋਨ ਸੁਰੱਖਿਆ ਏਜੰਸੀਆਂ ਲਈ ਕੋਈ ਅਣਜਾਣ ਨਹੀਂ ਹੈ। ਉਸਨੂੰ 2007 ਵਿੱਚ ਦਿੱਲੀ ਪੁਲਿਸ ਦੇ ਸਪੈਸ਼ਲ ਸੈੱਲ ਨੇ AK-47 ਅਤੇ ਗ੍ਰਨੇਡ ਵਰਗੇ ਭਾਰੀ ਹਥਿਆਰਾਂ ਨਾਲ ਗ੍ਰਿਫ਼ਤਾਰ ਕੀਤਾ ਸੀ। ਫਿਰ ਵੀ, ਉਸਦੇ ਹਾਫਿਜ਼ ਸਈਦ ਨਾਲ ਸਿੱਧੇ ਸਬੰਧ ਸਨ। ਉਹ 2018 ਤੱਕ ਦਿੱਲੀ ਦੀ ਤਿਹਾੜ ਜੇਲ੍ਹ ਵਿੱਚ ਕੈਦ ਰਿਹਾ। ਆਪਣੀ ਰਿਹਾਈ ਤੋਂ ਬਾਅਦ, ਉਹ ਦੁਬਾਰਾ ਸਰਗਰਮ ਹੋ ਗਿਆ ਅਤੇ ਭਾਰਤ ਵਿਰੁੱਧ ਕਾਰਵਾਈਆਂ ਨੂੰ ਸੰਭਾਲਣਾ ਸ਼ੁਰੂ ਕਰ ਦਿੱਤਾ, ਜਿਸ ਨਾਲ ਬੰਗਲਾਦੇਸ਼ ਨੂੰ ਆਪਣਾ ਨਵਾਂ ਠਿਕਾਣਾ ਬਣਾਇਆ ਗਿਆ।

## ਇਰਾਨ ਨਾਲ ਜੰਗ ਵਿਚਾਲੇ ਅਮਰੀਕਾ ਨੂੰ ਵੱਡਾ ਝਟਕਾ ! ਸਪੇਨ ਨੇ ਆਪਣਾ ਏਅਰਸਪੇਸ ਕੀਤਾ ਬੰਦ

**ਤਹਿਰਾਨ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਇਰਾਨ ਨਾਲ ਜਾਰੀ ਜੰਗ ਵਿਚਾਲੇ ਅਮਰੀਕਾ ਨੂੰ ਵੱਡਾ ਝਟਕਾ ਲੱਗਾ ਹੈ। ਸਪੇਨ ਦੀ ਰੱਖਿਆ ਮੰਤਰੀ ਮਾਰਗਰੀਟਾ ਰੋਬਲਸ ਨੇ ਸੋਮਵਾਰ ਨੂੰ ਐਲਾਨ ਕੀਤਾ ਕਿ ਉਨ੍ਹਾਂ ਦੇ ਦੇਸ਼ ਨੇ ਇਰਾਨ ਵਿਰੁੱਧ ਜੰਗੀ ਕਾਰਵਾਈਆਂ ਵਿੱਚ ਸ਼ਾਮਲ ਅਮਰੀਕੀ ਜਹਾਜ਼ਾਂ ਲਈ ਆਪਣਾ ਹਵਾਈ ਖੇਤਰ ਪੂਰੀ ਤਰ੍ਹਾਂ ਬੰਦ ਕਰ ਦਿੱਤਾ ਹੈ। ਸਪੇਨ ਸਰਕਾਰ ਦਾ ਇਹ ਫੈਸਲਾ ਅਮਰੀਕਾ ਲਈ ਇੱਕ ਵੱਡਾ ਕੂਟਨੀਤਕ ਅਤੇ ਫੌਜੀ ਝਟਕਾ ਮੰਨਿਆ ਜਾ ਰਿਹਾ ਹੈ। ਰੱਖਿਆ ਮੰਤਰੀ ਨੇ ਸਪੱਸ਼ਟ ਕੀਤਾ ਕਿ ਅਮਰੀਕੀ ਫੌਜ ਨੂੰ ਪਹਿਲਾਂ ਹੀ ਦੱਸ ਦਿੱਤਾ ਗਿਆ ਸੀ ਕਿ ਨਾ ਤਾਂ ਉਹ ਸਪੇਨ ਵਿੱਚ ਸਥਿਤ ਰੋਟਾ ਅਤੇ ਮੋਰੋਨ ਵਰਗੇ ਸਾਂਝੇ ਫੌਜੀ ਅੱਡਿਆਂ ਦੀ ਵਰਤੋਂ ਕਰ ਸਕਦੇ ਹਨ ਅਤੇ ਨਾ ਹੀ ਸਪੇਨ ਦੇ ਉੱਪਰੋਂ ਉੱਡ ਕੇ ਇਰਾਨ 'ਤੇ ਹਮਲੇ ਕਰ ਸਕਦੇ ਹਨ। ਪ੍ਰਧਾਨ ਮੰਤਰੀ ਪੇਡਰੋ ਸਾਂਚੇਜ਼ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਜੰਗ ਨੂੰ ਗੈਰ-ਕਾਨੂੰਨੀ ਅਤੇ ਅਨਿਆਂਪੂਰਨ ਦੱਸਿਆ ਹੈ। ਸਪੇਨ ਦਾ ਕਹਿਣਾ ਹੈ ਕਿ ਉਹ ਕਿਸੇ ਵੀ ਅਜਿਹੀ ਜੰਗ ਦਾ ਹਿੱਸਾ ਨਹੀਂ ਬਣੇਗਾ ਜੋ ਅੰਤਰਰਾਸ਼ਟਰੀ ਨਿਯਮਾਂ ਦੇ ਵਿਰੁੱਧ ਹੋਵੇ। ਸਿਰਫ਼ ਐਮਰਜੈਂਸੀ ਦੀ ਸਥਿਤੀ ਵਿੱਚ ਹੀ ਕਿਸੇ ਜਹਾਜ਼ ਨੂੰ ਲੈਂਡ ਕਰਨ ਜਾਂ ਲੰਘਣ ਦੀ ਇਜਾਜ਼ਤ ਦਿੱਤੀ ਜਾਵੇਗੀ। ਰਿਪੋਰਟਾਂ ਅਨੁਸਾਰ, ਸਪੇਨ ਦੇ ਇਸ ਫੈਸਲੇ ਕਾਰਨ ਅਮਰੀਕੀ ਬੰਬਾਰ ਜਹਾਜ਼ਾਂ ਨੂੰ ਹੁਣ ਲੰਬੇ ਰਸਤੇ ਰਾਹੀਂ ਮੱਧ-ਪੂਰਬ ਜਾਣਾ ਪੈ ਰਿਹਾ ਹੈ, ਜਿਸ ਨਾਲ ਉਨ੍ਹਾਂ ਦੇ ਆਪ੍ਰੇਸ਼ਨ ਦਾ ਖਰਚਾ ਅਤੇ ਸਮਾਂ ਵਧ ਗਿਆ ਹੈ। ਫਰਾਂਸ ਨੇ ਵੀ ਕੁਝ ਖ਼ਾਸ ਹਥਿਆਰਾਂ ਵਾਲੇ ਜਹਾਜ਼ਾਂ ਨੂੰ ਆਪਣੇ ਹਵਾਈ ਖੇਤਰ ਤੋਂ ਲੰਘਣ ਤੋਂ ਰੋਕ ਦਿੱਤਾ ਹੈ।



**'ਸਮਝੌਤਾ ਨਾ ਹੋਇਆ ਤਾਂ ਇਨ੍ਹਾਂ ਥਾਵਾਂ ਨੂੰ ਕਰ ਦਿਆਂਗੇ ਤਬਾਹ', ਟਰੰਪ ਦਾ ਈਰਾਨ ਨੂੰ ਫਾਈਨਲ ਅਲਟੀਮੇਟਮ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਜੇ. ਟਰੰਪ ਨੇ ਈਰਾਨ ਦੇ ਨਵੇਂ ਸ਼ਾਸਨ ਨੂੰ ਇੱਕ ਬਹੁਤ ਹੀ ਸਖ਼ਤ ਅਤੇ ਅੰਤਿਮ ਚਿਤਾਵਨੀ ਦਿੱਤੀ ਹੈ। ਉਨ੍ਹਾਂ ਸਪੱਸ਼ਟ ਕੀਤਾ ਹੈ ਕਿ ਜੇਕਰ ਈਰਾਨ ਨਾਲ ਜਲਦੀ ਹੀ ਕੋਈ ਰਸਮੀ ਸਮਝੌਤਾ ਸਿਰੇ ਨਹੀਂ ਚੜ੍ਹਦਾ, ਤਾਂ ਅਮਰੀਕਾ ਈਰਾਨ ਦੇ ਅਹਿਮ ਬੁਨਿਆਦੀ ਢਾਂਚੇ ਨੂੰ ਪੂਰੀ ਤਰ੍ਹਾਂ ਮਲੀਆਮੇਟ ਕਰ ਦੇਵੇਗਾ। ਰਾਸ਼ਟਰਪਤੀ ਟਰੰਪ ਅਨੁਸਾਰ, ਅਮਰੀਕਾ ਈਰਾਨ 'ਚ ਆਪਣੀਆਂ ਫੌਜੀ ਕਾਰਵਾਈਆਂ ਨੂੰ ਖਤਮ ਕਰਨ ਲਈ ਉੱਥੋਂ ਦੇ ਇੱਕ "ਨਵੇਂ ਤੇ ਵਧੇਰੇ ਸਮਝਦਾਰ" ਸ਼ਾਸਨ ਨਾਲ ਗੰਭੀਰ ਚਰਚਾ ਕਰ ਰਿਹਾ ਹੈ। ਹਾਲਾਂਕਿ ਇਸ ਗੱਲਬਾਤ 'ਚ ਕਾਫੀ ਪ੍ਰਗਤੀ ਹੋਣ ਦਾ ਦਾਅਵਾ ਕੀਤਾ ਗਿਆ ਹੈ, ਪਰ ਟਰੰਪ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ "ਹੋਰਮੂਜ਼ ਜਲਡਮਰੂ" ਨੂੰ ਵਪਾਰ ਲਈ ਤੁਰੰਤ ਨਾ ਖੋਲ੍ਹਿਆ ਗਿਆ, ਤਾਂ ਨਤੀਜੇ ਭਿਆਨਕ ਹੋਣਗੇ। ਟਰੰਪ ਨੇ ਆਪਣੇ ਬਿਆਨ ਵਿੱਚ ਕਿਹਾ ਕਿ ਜੇਕਰ ਸਮਝੌਤਾ ਨਾ ਹੋਇਆ ਤਾਂ ਅਮਰੀਕੀ ਫੌਜ ਈਰਾਨ ਦੇ ਉਨ੍ਹਾਂ ਹਿੱਸਿਆਂ ਨੂੰ ਨਿਸ਼ਾਨਾ ਬਣਾਏਗੀ ਜਿਨ੍ਹਾਂ ਨੂੰ ਹੁਣ ਤੱਕ ਜਾਣਬੁੱਝ ਕੇ ਛੋਹਿਆ ਨਹੀਂ ਗਿਆ ਸੀ।

## ਬੇਅਦਬੀ ਖਿਲਾਫ਼ ਕਾਨੂੰਨ ਮਾਮਲੇ 'ਚ ਸ਼੍ਰੋਮਣੀ ਕਮੇਟੀ ਨੇ 6 ਅਪ੍ਰੈਲ ਨੂੰ ਸੱਦੀ ਇਕੱਤਰਤਾ, ਸਮੂਹ ਧਾਰਮਿਕ ਜਥੇਬੰਦੀਆਂ ਨੂੰ ਖੁੱਲ੍ਹਾ ਸੱਦਾ

**ਅੰਮ੍ਰਿਤਸਰ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਸਰਕਾਰ ਵੱਲੋਂ ਬੇਅਦਬੀਆਂ ਸਬੰਧੀ ਕਾਨੂੰਨ ਬਣਾਏ ਜਾਣ ਦੇ ਸਬੰਧ ਵਿੱਚ 6 ਅਪ੍ਰੈਲ 2026 ਨੂੰ ਸਵੇਰੇ 11 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਸ੍ਰੀ ਅੰਮ੍ਰਿਤਸਰ ਵਿਖੇ ਸਮੁੱਚੀਆਂ ਸਿੱਖ ਜਥੇਬੰਦੀਆਂ ਦੀ ਇਕੱਤਰਤਾ ਬੁਲਾਈ ਹੈ। ਇਹ ਜਾਣਕਾਰੀ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਅੱਜ ਚੰਡੀਗੜ੍ਹ ਵਿਖੇ ਸ਼੍ਰੋਮਣੀ ਕਮੇਟੀ ਮੈਂਬਰਾਂ ਨਾਲ ਮੀਟਿੰਗ ਮਗਰੋਂ ਮੀਡੀਆ ਨੂੰ ਸੰਬੋਧਨ ਕਰਦਿਆਂ ਦਿੱਤੀ। ਹਰਿਆਣਾ ਖ਼ਬਰਾਂ ਉਨ੍ਹਾਂ ਕਿਹਾ ਕਿ ਇਹ ਬੇਹੱਦ ਸੰਜੀਦਾ ਮਾਮਲਾ ਹੈ, ਜਿਸ ਉੱਤੇ ਸਾਂਝੀ ਪੰਥਕ ਰਾਇ ਜਰੂਰੀ ਹੈ। ਇਸ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਮੂਹ ਸਿੱਖ ਜਥੇਬੰਦੀਆਂ, ਨਿਹੰਗ ਸਿੰਘ ਦਲਾਂ, ਦਮਦਮੀ ਟਕਸਾਲ, ਸਿੱਖ ਸੰਸਥਾਵਾਂ, ਸਿੱਖ ਵਿਦਵਾਨਾਂ, ਸਿੱਖ ਜੱਜਾਂ ਤੇ ਵਕੀਲਾਂ, ਸਿੱਖ ਮਿਸ਼ਨਰੀ ਕਾਲਜਾਂ, ਸਿੰਘ ਸਭਾਵਾਂ, ਸਿੱਖ ਫੈਡਰੇਸ਼ਨਾਂ, ਸਮੂਹ ਸਿੱਖ ਸੰਪਰਦਾਵਾਂ ਦੇ ਮੁਖੀਆਂ, ਨਿਰਮਲੇ, ਉਦਾਸੀ, ਸੇਵਾ ਪੰਥੀ ਤੇ ਕਾਰਸੇਵਾ ਵਾਲੇ ਮਹਾਂਪੁਰਸ਼ਾਂ ਨਾਲ ਸਾਂਝੀ ਇਕੱਤਰਤਾ 6 ਅਪ੍ਰੈਲ 2026 ਨੂੰ ਸਵੇਰੇ 11:00 ਵਜੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਤੇਜਾ ਸਿੰਘ ਸਮੁੰਦਰੀ ਹਾਲ ਵਿਖੇ ਕੀਤੀ ਜਾਵੇਗੀ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਚਾਹੁੰਦੀ ਹੈ ਕਿ ਬੇਅਦਬੀਆਂ ਰੋਕਣ ਲਈ ਸਖ਼ਤ ਕਾਨੂੰਨ ਬਣੇ ਤਾਂ ਜੋ ਇਸ ਦਾ ਪੱਕਾ ਤੇ ਸਾਰਥਿਕ ਹੱਲ ਕੱਢਿਆ ਜਾ ਸਕੇ, ਪਰੰਤੂ ਪੰਜਾਬ ਸਰਕਾਰ ਇਸ ਬਾਰੇ ਸਪੱਸ਼ਟ ਨਹੀਂ ਕਰ ਰਹੀ। ਉਨ੍ਹਾਂ ਕਿਹਾ ਕਿ ਧਾਰਮਿਕ ਗ੍ਰੰਥ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਵੱਡਾ ਫਰਕ ਹੈ। ਇਹ ਜਾਗਤ ਜੋਤ ਗੁਰੂ ਹਨ ਜਿਨ੍ਹਾਂ ਨੂੰ ਗੁਰਤਾਗੱਦੀ ਗੁਰੂ ਸਾਹਿਬ ਨੇ ਆਪ ਦਿੱਤੀ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਜਾਗਤ ਜੋਤ ਗੁਰੂ ਵਜੋਂ ਆਭਾ, ਵਡਿਆਈ ਤੇ ਮਹਾਨਤਾ ਦੀ ਵਚਨਬੱਧਤਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸੇ ਦੇ ਮੱਦੇਨਜ਼ਰ ਕੌਮੀ ਰਾਇ ਬਣਾਉਣ ਲਈ ਸਮੂਹ ਸਿੱਖ ਜਥੇਬੰਦੀਆਂ ਤੇ ਸੰਸਥਾਵਾਂ ਦੀ ਇਕੱਤਰਤਾ ਬੁਲਾਈ ਗਈ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਹਿਲਾਂ ਪੰਜਾਬ ਧਾਰਮਿਕ ਗ੍ਰੰਥਾਂ ਵਿਰੁੱਧ ਅਪਰਾਧਾਂ ਦੀ ਰੋਕਥਾਮ ਬਿੱਲ 2025 ਲਈ ਸਲੈਕਟ ਕਮੇਟੀ ਬਣਾਈ ਸੀ ਜਿਸ ਵੱਲੋਂ ਮੰਗੇ ਸੁਝਾਅ ਲਈ ਸ਼੍ਰੋਮਣੀ ਕਮੇਟੀ ਦੀ ਉਚ ਪੱਧਰੀ ਕਮੇਟੀ ਨੇ ਕਈ ਵਾਰ ਰਾਬਤਾ ਕਰਕੇ ਕੁਝ ਜਵਾਬ ਮੰਗੇ ਸਨ। ਵਾਰ ਵਾਰ ਪੱਤਰ ਲਿਖਣ ਮਗਰੋਂ ਵੀ ਸਰਕਾਰ ਨੇ ਕਿਸੇ ਤਰ੍ਹਾਂ ਦੀ ਜਾਣਕਾਰੀ ਨਹੀਂ ਦਿੱਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਹੁਣ ਸਰਕਾਰ ਵੱਲੋਂ ਜਾਗਤ ਜੋਤ ਐਕਟ 2008 ਵਿੱਚ ਸੋਧ ਦੀ ਗੱਲ ਕਰਕੇ ਨਵੀਂ ਦੁਬਿਧਾ ਖੜ੍ਹੀ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸੰਦਰਭ ਨੂੰ ਵੀ ਵਿਚਾਰਨਾ ਬੇਹੱਦ ਜਰੂਰੀ ਹੈ ਕਿ ਸਰਕਾਰ ਵੱਲੋਂ ਬਣਾਇਆ ਜਾਣ ਵਾਲਾ ਕਨੂੰਨ ਕੇਵਲ ਪੰਜਾਬ ਸੂਬੇ ਤੱਕ ਲਾਗੂ ਰਹੇਗਾ ਜਦਕਿ ਦੂਜੇ ਸੂਬਿਆਂ ਵਿਚ ਜੇਕਰ ਬੇਅਦਬੀ ਦੀ ਘਟਨਾ ਵਾਪਰਦੀ ਹੈ ਤਾਂ ਇਸ ਨੂੰ ਉਥੇ ਲਾਗੂ ਕਿਵੇਂ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਅਸੀਂ ਸਖ਼ਤ ਕਾਨੂੰਨ ਦੇ ਹਮੇਸ਼ਾ ਮੁੱਦਈ ਰਹੇ ਹਾਂ ਅਤੇ ਹੁਣ ਵੀ ਇਹੋ ਮੰਗ ਕਰਦੇ ਹਾਂ ਕਿ ਇੱਕ ਕੌਮੀ ਰਾਏ ਬਣਾ ਕੇ ਇਸ ਨੂੰ ਅੰਜਾਮ ਤੱਕ ਪਹੁੰਚਾਇਆ ਜਾਵੇ। ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਸਦੀ ਗਈ ਇਕੱਤਰਤਾ ਲਈ ਸਾਰੀਆਂ ਸਿੱਖ ਜਥੇਬੰਦੀਆਂ ਦੇ ਆਗੂਆਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ ਸਦਾ ਪੱਤਰ ਵੀ ਭੇਜਿਆ ਜਾਵੇਗਾ। ਉਨ੍ਹਾਂ ਸਮੂਹ ਜਥੇਬੰਦੀਆਂ ਅਤੇ ਸੰਪ੍ਰਦਾਵਾਂ ਨੂੰ ਅਪੀਲ ਕੀਤੀ ਕਿ ਉਹ 6 ਅਪ੍ਰੈਲ ਨੂੰ ਮੀਟਿੰਗ ਵਿੱਚ ਜਰੂਰ ਸ਼ਾਮਲ ਹੋਣ।

## ਸਰਹੱਦੀ ਕਸਬਾ ਭਿੰਡੀ ਸੈਦਾਂ 'ਚ ਹੋਇਆ ਧਮਾਕਾ ; ਥਾਣੇ ਦੇ ਪਿਛਲੇ ਗੇਟ ਕੋਲ ਸੁੱਟੇ ਗਏ 2 ਹੈਂਡ ਗ੍ਰੇਨੇਡ




**ਅਜਨਾਲਾ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਜਨਾਲਾ ਦੇ ਸਰਹੱਦੀ ਕਸਬਾ ਭਿੰਡੀ ਸੈਦਾਂ ਦੇ ਪੁਲਿਸ ਥਾਣੇ ਦੇ ਅੰਦਰ ਧਮਾਕੇ ਦੀ ਅਵਾਜ਼ਾਂ ਸੁਣਨ ਦਾ ਮਾਮਲਾ ਸਾਹਮਣੇ ਆਇਆ ਹੈ। ਇਨ੍ਹਾਂ ਧਮਾਕਿਆਂ ਦੀ ਆਵਾਜ਼ ਨਾਲ ਇਲਾਕੇ 'ਚ ਪੂਰਾ ਸਹਿਮ ਦਾ ਮਾਹੌਲ ਬਣ ਗਿਆ ਹੈ। ਇਹ ਧਮਾਕੇ ਦੀ ਆਵਾਜ਼ ਬੀਤੀ ਰਾਤ ਦੀ ਦੱਸੀ ਜਾ ਰਹੀ ਹੈ। ਦੱਸ ਦਈਏ ਕਿ ਘਟਨਾ ਬੀਤੀ ਰਾਤ ਦੀ ਦੱਸੀ ਜਾ ਰਹੀ ਹੈ। ਜਿਸ ਸਮੇਂ ਪੁਲਿਸ ਥਾਣਾ ਭਿੰਡੀ ਸੈਦਾ ਵਿੱਚ ਧਮਾਕੇ ਦੀ ਆਵਾਜ਼ ਆਈ ਤਾਂ ਪੁਲਿਸ ਦੀ ਟੀਮ ਹਰਕਤ 'ਚ ਆ ਗਈ। ਫਿਲਹਾਲ ਹੁਣ ਥਾਣੇ ਦਾ ਗੇਟ ਬੰਦ ਕਰਕੇ ਜਾਂਚ ਕੀਤੀ ਜਾ ਰਹੀ ਹੈ। ਮਿਲੀ ਜਾਣਕਾਰੀ ਮੁਤਾਬਿਕ ਪੁਲਿਸ ਆਪਣੇ ਥਾਣੇ ਵਿੱਚ ਲੱਗਿਆ ਸੀਸੀਟੀਵੀ ਕੈਮਰਿਆਂ ਦੀ ਫੁਟੇਜ ਵੀ ਖੰਗਾਲ ਰਹੀ ਹੈ। ਤਾਂ ਜੋ ਪੂਰੀ ਘਟਨਾ ਦੀ ਜਾਣਕਾਰੀ ਮਿਲ ਸਕੇ। ਹਾਲਾਂਕਿ ਫਿਲਹਾਲ ਕੋਈ ਵੀ ਪੁਲਿਸ ਅਧਿਕਾਰੀ ਇਸ ਘਟਨਾ ਬਾਰੇ ਜਾਣਕਾਰੀ ਦੇਣ ਲਈ ਤਿਆਰ ਨਹੀਂ ਹੈ। ਸੂਤਰ ਦੱਸ ਰਹੇ ਹਨ ਕਿ ਇਹ ਧਮਾਕਾ ਥਾਣੇ ਦੇ ਪਿਛਲੇ ਬੰਨੇ ਖੁੱਲੇ ਅਹਾਤੇ 'ਚ ਖੇਤਾਂ ਵਾਲੇ ਪਾਸੇ ਹੋਇਆ।" ਜਾਣਕਾਰੀ ਅਨੁਸਾਰ ਮੋਟਰਸਾਈਕਲ ਸਵਾਰ ਦੋ ਅਣਪਛਾਤਿਆਂ ਵੱਲੋਂ ਥਾਣਾ ਭਿੰਡੀ ਸੈਦਾ ਦੇ ਪਿਛਲੇ ਗੇਟਸ ਕੋਲ ਦੋ ਹੈਂਡ ਗ੍ਰਨੇਡ ਸੁੱਟੇ ਗਏ ਜਿਸ ਨਾਲ ਜਬਰਦਸਤ ਧਮਾਕਾ ਹੋਇਆ ਪਰ ਪੁਲਿਸ ਵੱਲੋਂ ਇਸ 'ਤੇ ਪਰਦਾ ਪਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਧਮਾਕੇ ਵਾਲੀ ਥਾਂ 'ਤੇ ਜਿੱਥੇ ਟੋਏ ਪਏ ਸਨ ਉਥੇ ਮਿੱਟੀ ਪਾ ਕੇ ਉਹ ਟੋਏ ਪੂਰ ਦਿੱਤੇ ਗਏ ਹਨ, ਅੰਦਰਲੇ ਗੇਟ ਥਾਣੇ ਦੇ ਬੰਦ ਨੇ ਕਿਸੇ ਨੂੰ ਵੀ ਅੰਦਰ ਜਾਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਰਹੀ ਹੈ।

### ਦਿੱਲੀ ਗੁਰਦੁਆਰਾ ਕਮੇਟੀ ਵੱਲੋਂ

# 243ਵੇਂ ਦਿੱਲੀ ਫਤਿਹ ਦਿਵਸ ਦੇ ਦੂਜੇ ਦਿਨ ਜਰਨੈਲੀ ਮਾਰਚ ਸਜਾਇਆ ਗਿਆ




**ਨਵੀਂ ਦਿੱਲੀ, 30 ਮਾਰਚ (ਮਨਪ੍ਰੀਤ ਸਿੰਘ ਖਾਲਸਾ)**-ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 243ਵੇਂ ਦਿੱਲੀ ਫਤਿਸ ਸਮਾਗਮਾਂ ਮੌਕੇ ਲਾਲ ਕਿਲ੍ਹੇ 'ਤੇ ਕੀਤੇ ਜਾ ਰਹੇ ਸਮਾਗਮਾਂ ਦੀ ਲੜੀ ਵਿਚ ਦੂਜੇ ਦਿਨ ਗੁਰਦੁਆਰਾ ਮਜਨੂੰ ਕਾ ਟਿੱਲਾ ਸਾਹਿਬ ਤੋਂ ਲਾਲ ਕਿਲ੍ਹੇ ਤੱਕ ਜਰਨੈਲੀ ਮਾਰਚ ਸਜਾਇਆ ਗਿਆ ਜੋ ਪੂਰੀ ਸ਼ਾਨੋ ਸ਼ੌਕਤ ਤੇ ਜਾਹੋ ਜਲਾਲ ਨਾਲ ਸੰਪੰਨ ਹੋਇਆ। ਇਸ ਜਰਨੈਲੀ ਮਾਰਚ ਵਿਚ ਨਿਹੰਗ ਸਿੰਘ ਜਥੇਬੰਦੀਆਂ ਦੇ ਨਾਲ-ਨਾਲ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀ ਤੇ ਦਲ ਪੰਥ ਦੀਆਂ ਹੋਰ ਨੁਮਾਇੰਦਾ ਜਥੇਬੰਦੀਆਂ ਸ਼ਾਮਲ ਹੋਈਆਂ। ਲਾਲ ਕਿਲ੍ਹੇ 'ਤੇ ਹੋਏ ਸ਼ਾਨਦਾਰ ਸਮਾਗਮ ਵਿਚ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲਾਂ ਦੇ ਵਿਦਿਆਰਥੀਆਂ ਨੇ ਸਾਰੇ 10 ਗੁਰੂ ਸਾਹਿਬਾਨ ਦੇ ਜੀਵਨ ਨਾਲ ਸਬੰਧਤ ਪੇਸ਼ਕਾਰੀਆਂ ਦਿੱਤੀਆਂ ਜਦੋਂ ਨਿਹੰਗ ਸਿੰਘ ਜੱਥੇਬੰਦੀਆਂ ਦੇ ਮੈਂਬਰਾਂ ਨੇ ਵੱਖ ਵੱਖ ਕੌਤਬ ਵਿਖਾਏ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਇਹ ਦੋ ਰੋਜ਼ਾ ਦਿੱਲੀ ਫਤਿਹ ਦਿਵਸ ਸਮਾਗਮ ਆਯੋਜਿਤ ਕਰਨ ਵਿਚ ਦਿੱਲੀ ਦੀਆਂ ਸੰਗਤਾਂ ਦੇ ਨਾਲ-ਨਾਲ ਦੇਸ਼ ਵਿਦੇਸ਼ ਤੋਂ ਸੰਗਤਾਂ ਨੇ ਦਿੱਲੀ ਗੁਰਦੁਆਰਾ ਕਮੇਟੀ ਨੂੰ ਵਡਮੁੱਲਾ ਸਹਿਯੋਗ ਦਿੱਤਾ ਹੈ ਜਿਸ ਵਾਸਤੇ ਉਹ ਧੰਨਵਾਦੀ ਹਨ। ਉਹਨਾਂ ਕਿਹਾ ਕਿ ਦਿੱਲੀ ਦੇ ਇਤਿਹਾਸ ਵਿਚ ਇਹ ਦਿਹਾੜਾ ਬਹੁਤ ਹੀ ਅਹਿਮੀਅਤ ਰੱਖਦਾ ਹੈ ਤੇ ਇਸਨੂੰ ਮਨਾ ਕੇ ਸਾਡੀ ਨੌਜਵਾਨ ਪੀੜੀ ਨੂੰ ਆਪਣੇ ਇਤਿਹਾਸ ਤੋਂ ਜਾਣੂ ਕਰਵਾਉਣਾ ਬਹੁਤ ਜ਼ਰੂਰੀ ਹੈ।



ਸਮਾਗਮ ਨੂੰ ਸੰਬੋਧਨ ਕਰਦਿਆਂ ਕਮੇਟੀ ਦੇ ਸਾਬਕਾ ਪ੍ਰਧਾਨ ਤੇ ਮੌਜੂਦਾ ਕੈਬਨਿਟ ਮੰਤਰੀ ਦਿੱਲੀ ਸਰਕਾਰ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਤਿੰਨ ਮਹਾਨ ਸਿੱਖ ਜਰਨੈਲਾਂ ਬਾਬਾ ਬਘੇਲ ਸਿੰਘ, ਬਾਬਾ ਜੱਸਾ ਸਿੰਘ ਰਾਮਗੜ੍ਹੀਆ ਤੇ ਬਾਬਾ ਜੱਸਾ ਸਿੰਘ ਆਹਲੂਵਾਲੀਆ ਸਮੇਤ ਹੋਰ ਸਿੱਖ ਜਰਨੈਲਾਂ ਵੱਲੋਂ ਦਿੱਲੀ ਫਤਿਹ ਕਰਨ ਦਾ ਇਤਿਹਾਸ ਘਰ-ਘਰ ਪਹੁੰਚਾਉਣਾ ਬਹੁਤ ਜ਼ਰੂਰੀ ਹੈ। ਉਹਨਾਂ ਕਿਹਾ ਕਿ ਸਿੱਖ ਜਰਨੈਲਾਂ ਦੀ ਬਦੌਲਤ ਹੀ ਅੱਜ ਸੰਗਤਾਂ ਦਿੱਲੀ ਵਿਚ ਗੁਰਦੁਆਰਾ ਸੀਸਗੰਜ ਸਾਹਿਬ, ਗੁਰਦੁਆਰਾ ਰਕਾਬਗੰਜ ਸਾਹਿਬ ਤੇ ਗੁਰਦੁਆਰਾ ਬੰਗਲਾ ਸਾਹਿਬ ਦੇ ਦਰਸ਼ਨ ਕਰ ਰਹੀਆਂ ਹਨ। ਉਹਨਾਂ ਕਿਹਾ ਕਿ ਮਹਾਨ ਜਰਨੈਲਾਂ ਨੇ ਹੀ ਗੁਰੂ ਘਰਾਂ ਵਾਸਤੇ ਜ਼ਮੀਨਾਂ ਦੀ ਨਿਸ਼ਾਨਦੇਹੀ ਕਰਵਾਈ ਸੀ ਜਿਸ ਵਾਸਤੇ ਸਾਰੀ ਸਿੱਖ ਕੌਮ ਹੀ ਨਹੀਂ ਬਲਕਿ ਸਮੁੱਚੀ ਮਨੁੱਖਤਾ ਉਹਨਾਂ ਦੀ ਹਮੇਸ਼ਾ ਕਰਜ਼ਦਾਰ ਰਹੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਕਮੇਟੀ ਵੱਲੋਂ ਸਰਦਾਰ ਮਨਜਿੰਦਰ ਸਿੰਘ ਸਿਰਸਾ, ਬਾਬਾ ਬਲਬੀਰ ਸਿੰਘ ਮੁਖੀ ਬੁੱਢਾ ਦਲ, ਬਾਬਾ ਬਲਜੀਤ ਸਿੰਘ ਦਾਦੂਵਾਲ, ਬਾਬਾ ਮੇਜਰ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਜੋਗਾ ਸਿੰਘ ਕਰਨਾਲ ਵਾਲੇ ਅਤੇ ਹੋਰ ਪ੍ਰਮੁੱਖ ਸ਼ਖਸੀਅਤਾਂ ਦਾ ਕਮੇਟੀ ਵੱਲੋਂ ਸਨਮਾਨ ਕੀਤਾ ਗਿਆ ਜਿਹਨਾਂ ਨੇ ਹਮੇਸ਼ਾ ਦਿੱਲੀ ਫਤਿਹ ਦਿਵਸ ਤੇ ਹੋਰ ਸਮਾਗਮਾਂ ਵਾਸਤੇ ਕਮੇਟੀ ਨੂੰ ਸਹਿਯੋਗ ਦਿੱਤਾ।

# ਗੁਰੂ ਅਰਜਨ ਦੇਵ ਖਾਲਸਾ ਕਾਲਜ, ਚੋਹਲਾ ਸਾਹਿਬ ਵਿੱਚ ਫਾਈਨੈਂਸ਼ਲ ਅਵੇਅਰਨੈਸ ਵਿਸ਼ੇ 'ਤੇ ਲੈਕਚਰ ਆਯੋਜਿਤ

**ਚੋਹਲਾ ਸਾਹਿਬ 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਗੁਰੂ ਅਰਜਨ ਦੇਵ ਖਾਲਸਾ ਕਾਲਜ, ਚੋਹਲਾ ਸਾਹਿਬ ਵਿੱਚ ਅੱਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਦੇ ਦਿਸ਼ਾਨਿਰਦੇਸ਼ਾ ਹੇਠ "ਫਾਈਨੈਂਸ਼ਲ ਅਵੇਅਰਨੈਸ" ਵਿਸ਼ੇ ਉੱਤੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਹ ਪ੍ਰੋਗਰਾਮ ਕੰਪਿਊਟਰ ਸਾਇੰਸ, ਕਮਰਸ ਅਤੇ ਇਕਨੌਮਿਕਸ ਵਿਭਾਗ ਵੱਲੋਂ ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਦੇ ਸਹਿਯੋਗ ਨਾਲ ਅਤੇ ਬੰਬੇ ਸਟੌਕ ਐਕਸਚੇਂਜ (ਬੀ.ਐਸ.ਈ.) ਦੀ ਸਾਂਝ ਨਾਲ ਕਰਵਾਇਆ ਗਿਆ। ਇਸ ਲੈਕਚਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਆਰਥਿਕ ਸਚੇਤਤਾ ਅਤੇ ਨਿਵੇਸ਼ ਸਬੰਧੀ ਜਾਣਕਾਰੀ ਦਾ ਵਾਧਾ ਕਰਨਾ ਸੀ। ਪ੍ਰੋਗਰਾਮ ਦੌਰਾਨ ਮੁੱਖ ਵਕਤਾ ਵਜੋਂ ਸ਼੍ਰੀ. ਪੂਨਮ ਚੰਦ (ਮੈਨੇਜਰ, ਇਨਵੈਸਟਰ ਸਰਵਿਸਿਜ਼ ਸੈਂਟਰ, ਨਵੀਂ ਦਿੱਲੀ) ਨੇ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਟਾਕ ਮਾਰਕੀਟ ਦੇ ਮੂਲ ਸਿਧਾਂਤਾਂ, ਸੁਰੱਖਿਅਤ ਨਿਵੇਸ਼ ਦੇ ਤਰੀਕਿਆਂ, ਧੋਖਾਧੜੀ ਤੋਂ ਬਚਾਅ ਅਤੇ ਪ੍ਰਭਾਵਸ਼ਾਲੀ ਵਿੱਤੀ ਯੋਜਨਾ ਬਣਾਉਣ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਆਜ ਦੇ ਸਮੇਂ ਵਿੱਚ ਹਰ ਵਿਅਕਤੀ ਲਈ ਫਾਈਨੈਂਸ਼ਲ ਲਿਟਰੇਸੀ ਬਹੁਤ ਜ਼ਰੂਰੀ ਹੈ, ਤਾਂ ਜੋ ਉਹ ਆਪਣੀ ਆਮਦਨ ਦਾ ਸਹੀ ਪ੍ਰਬੰਧ ਕਰ ਸਕੇ ਅਤੇ ਭਵਿੱਖ ਲਈ ਮਜ਼ਬੂਤ ਨਿਵੇਸ਼ ਕਰ ਸਕੇ। ਵਿਦਿਆਰਥੀਆਂ ਨੇ ਇਸ ਪ੍ਰੋਗਰਾਮ ਵਿੱਚ ਉਤਸ਼ਾਹ ਨਾਲ ਭਾਗ ਲਿਆ ਅਤੇ ਇਸਨੂੰ ਬਹੁਤ ਲਾਭਦਾਇਕ ਕਰਾਰ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਨੇ ਕਿਹਾ ਕਿ ਅੱਜ ਦੇ ਯੁੱਗ ਵਿੱਚ ਵਿੱਤੀ ਸਿੱਖਿਆ ਹਰ ਵਿਦਿਆਰਥੀ ਲਈ ਅਤਿ ਅਹਿਮ ਹੈ। ਉਨ੍ਹਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਵਿਦਿਆਰਥੀਆਂ ਨੂੰ ਆਤਮਨਿਰਭਰ ਬਣਾਉਂਦੇ ਹਨ ਅਤੇ ਸਹੀ ਫੈਸਲੇ ਲੈਣ ਦੀ ਸਮਰੱਥਾ ਵਿਕਸਿਤ ਕਰਦੇ ਹਨ। ਉਨ੍ਹਾਂ ਨੇ ਮੁੱਖ ਮਹਿਮਾਨ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਅਤੇ ਵਿਦਿਆਰਥੀਆਂ ਨੂੰ ਪ੍ਰਾਪਤ ਗਿਆਨ ਨੂੰ ਅਮਲ ਵਿੱਚ ਲਿਆਉਣ ਲਈ ਪ੍ਰੇਰਿਤ ਕੀਤਾ। ਅੰਤ ਵਿੱਚ ਉਨ੍ਹਾਂ ਨੇ ਕੰਪਿਊਟਰ ਸਾਇੰਸ, ਕਮਰਸ ਅਤੇ ਇਕਨੌਮਿਕਸ ਵਿਭਾਗ ਦੇ ਮੁਖੀਆਂ ਦੇ ਯਤਨਾਂ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕਰਕੇ ਵਿਦਿਆਰਥੀਆਂ ਨੂੰ ਹੋਰ ਵਿੱਤੀ ਤੌਰ 'ਤੇ ਸਚੇਤ ਅਤੇ ਜ਼ਿੰਮੇਵਾਰ ਬਣਾਇਆ ਜਾਵੇਗਾ।

# ਆਮ ਆਦਮੀ ਪਾਰਟੀ ਨੂੰ ਝਟਕਾ -ਫਰੀਦਕੋਟ ਤੋਂ ਹਲਕਾ ਇੰਚਾਰਜ ਅਤੇ ਯੂਥ ਜਨਰਲ ਸਕੱਤਰ ਅਰਸ਼ ਉਮਰੀਆਣਾ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਹੋਏ ਸ਼ਾਮਿਲ





## ਐਮ ਪੀ ਸਰਬਜੀਤ ਸਿੰਘ ਖਾਲਸਾ ਨੇ ਸਿਰੋਪਾਓ ਦੇ ਕੇ ਕੀਤਾ ਸਵਾਗਤ

**ਚੰਡੀਗੜ੍ਹ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਈਕਲ 'ਤੇ ਪੰਜਾਬ ਦੇ ਕਰੀਬ 3500 ਪਿੰਡਾਂ ਵਿੱਚ ਨਸ਼ਿਆਂ ਦੇ ਖ਼ਿਲਾਫ਼ ਅਤੇ ਕਿਸਾਨੀ ਹੱਕਾਂ ਲਈ ਵਿਸ਼ਾਲ ਜਾਗਰੂਕਤਾ ਯਾਤਰਾ ਕਰਨ ਵਾਲੇ ਅਰਸ਼ ਉਮਰੀਆਣਾ, ਜੋ ਕਿ ਆਮ ਆਦਮੀ ਪਾਰਟੀ ਦੇ ਲੋਕ ਸਭਾ ਹਲਕਾ ਫਰੀਦਕੋਟ ਦੇ ਇੰਚਾਰਜ ਰਹੇ ਅਤੇ ਯੂਥ ਜਨਰਲ ਸਕੱਤਰ ਅੱਜ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਉਨ੍ਹਾਂ ਦੀ ਇਹ ਸ਼ਾਮੂਲੀਅਤ ਪਾਰਟੀ ਲਈ ਵੱਡੀ ਮਜ਼ਬੂਤੀ ਵਜੋਂ ਦੇਖੀ ਜਾ ਰਹੀ ਹੈ, ਕਿਉਂਕਿ ਉਹ ਲੰਬੇ ਸਮੇਂ ਤੋਂ ਜਮੀਨੀ ਪੱਧਰ 'ਤੇ ਲੋਕ ਮੁੱਦਿਆਂ ਲਈ ਸੰਘਰਸ਼ ਕਰਦੇ ਆ ਰਹੇ ਹਨ। ਇਸ ਮੌਕੇ ਫਰੀਦਕੋਟ ਤੋਂ ਮੈਂਬਰ ਪਾਰਲੀਮੈਂਟ ਸ. ਸਰਬਜੀਤ ਸਿੰਘ ਖਾਲਸਾ ਵੱਲੋਂ ਅਰਸ਼ ਉਮਰੀਆਣਾ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਸ਼ਾਮਿਲ ਕੀਤਾ ਗਿਆ ਅਤੇ ਉਨ੍ਹਾਂ ਨੂੰ ਦਿਲੋਂ ਜੀ ਆਇਆਂ ਆਖਿਆ ਗਿਆ। ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਅਤੇ ਕਿਸਾਨੀ ਸੰਕਟ ਵਰਗੇ ਗੰਭੀਰ ਮੁੱਦਿਆਂ 'ਤੇ ਜਾਗਰੂਕਤਾ ਪੈਦਾ ਕਰਨ ਵਾਲੇ ਜੁਝਾਰੂ ਨੌਜਵਾਨਾਂ ਦੀ ਪਾਰਟੀ ਨੂੰ ਲੋੜ ਹੈ ਅਤੇ ਅਰਸ਼ ਉਮਰੀਆਣਾ ਦੀ ਆਮਦ ਨਾਲ ਪਾਰਟੀ ਦੀ ਆਵਾਜ਼ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਹੋਰ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਦੇ ਹੱਕਾਂ, ਨੌਜਵਾਨਾਂ ਦੇ ਭਵਿੱਖ ਅਤੇ ਕਿਸਾਨਾਂ ਲਈ ਸੰਘਰਸ਼ ਕਰ ਰਿਹਾ ਹੈ ਅਤੇ ਇਸ ਮਕਸਦ ਲਈ ਹਰ ਉਸ ਵਿਅਕਤੀ ਦਾ ਸਵਾਗਤ ਹੈ ਜੋ ਇਮਾਨਦਾਰੀ ਨਾਲ ਲੋਕ ਹਿੱਤਾਂ ਲਈ ਕੰਮ ਕਰਨਾ ਚਾਹੁੰਦਾ ਹੈ। ਇਸ ਮੌਕੇ ਪੀ.ਏ.ਸੀ. ਮੈਂਬਰ ਬਾਬੂ ਸਿੰਘ ਬਰਾੜ, ਕਾਬਲ ਸਿੰਘ, ਪੀ.ਏ. ਐਮ.ਪੀ. ਦਲੇਰ ਸਿੰਘ ਡੋਡ, ਮੈਂਬਰ ਪੀ.ਏ.ਸੀ. ਬੀਬੀ ਸਤਨਾਮ ਕੌਰ, ਹਲਕਾ ਮੋਗਾ ਦੇ ਇੰਚਾਰਜ ਰਛਪਾਲ ਸਿੰਘ ਸੋਸਣ, ਸਤਪਾਲ ਸਿੰਘ ਸੱਤਾ, ਡਾ. ਰਾਜਵਿੰਦਰ ਸਿੰਘ ਭਾਟੀਆ ਸਮੇਤ ਹੋਰ ਕਈ ਸੀਨੀਅਰ ਆਗੂ ਅਤੇ ਅਹੁਦੇਦਾਰ ਵੱਡੀ ਗਿਣਤੀ ਵਿੱਚ ਮੌਜੂਦ ਸਨ। ਅਰਸ਼ ਉਮਰੀਆਣਾ ਨੇ ਇਸ ਮੌਕੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਲੰਬੇ ਸਮੇਂ ਤੋਂ ਪੰਜਾਬ ਦੇ ਪਿੰਡਾਂ ਵਿੱਚ ਜਾ ਕੇ ਨਸ਼ਿਆਂ ਦੇ ਖ਼ਿਲਾਫ਼ ਅਤੇ ਕਿਸਾਨੀ ਹੱਕਾਂ ਲਈ ਲੋਕਾਂ ਨੂੰ ਜਾਗਰੂਕ ਕਰਦੇ ਆ ਰਹੇ ਹਨ ਅਤੇ ਹੁਣ ਅਕਾਲੀ ਦਲ ਵਾਰਿਸ ਪੰਜਾਬ ਦੇ ਦੇ ਪਲੇਟਫਾਰਮ ਤੋਂ ਇਸ ਸੰਘਰਸ਼ ਨੂੰ ਹੋਰ ਵਿਸਥਾਰ ਦੇਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਕਿਸਾਨਾਂ ਨੂੰ ਉਨ੍ਹਾਂ ਦੇ ਹੱਕ ਦਵਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਉਹ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੀ ਵਿਚਾਰਧਾਰਾ ਨੂੰ ਹਰ ਘਰ ਤੱਕ ਪਹੁੰਚਾਉਣ ਅਤੇ ਪੰਜਾਬ ਦੇ ਹੱਕਾਂ ਲਈ ਆਵਾਜ਼ ਬੁਲੰਦ ਕਰਨ ਲਈ ਪੂਰੀ ਤਨਦੇਹੀ ਅਤੇ ਨਿਸ਼ਠਾ ਨਾਲ ਕੰਮ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਜਾਮਾਰਾਏ ਵਿਖੇ ਕਣਕ ਦੇ ਨਾੜ ਨੂੰ ਅੱਗ ਨਾ ਲਗਾਉਣ ਸੰਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ

**ਤਰਨ ਤਾਰਨ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਨੈਸ਼ਨਲ ਗਰੀਨ ਟ੍ਰਿਬਿਊਨਲ ਜੀ ਦੇ ਹੁਕਮ ਅਨੁਸਾਰ ਹਵਾ ਗੁਣਵੱਤਾ ਨੂੰ ਸੁਧਾਰਨ ਦੇ ਮੱਦੇਨਜ਼ਰ ਵੱਖ ਵੱਖ ਵਿਭਾਗਾਂ ਨੂੰ ਵਾਤਾਵਰਨ ਦੀ ਸਾਂਭ ਸੰਭਾਲ ਵਾਸਤੇ ਉਪਰਾਲੇ ਕਰਨ ਲਈ ਕਿਹਾ ਗਿਆ ਹੈ। ਡਿਪਟੀ ਕਮਿਸ਼ਨਰ ਤਰਨ ਤਾਰਨ ਸ੍ਰੀ ਰਾਹੁਲ ਆਈ.ਏ.ਐਸ ਦੇ ਦਿਸ਼ਾ ਨਿਰਦੇਸ਼, ਮੁੱਖ ਖੇਤੀਬਾੜੀ ਅਫਸਰ ਤਰਨ ਤਾਰਨ ਡਾ. ਤੇਜਬੀਰ ਸਿੰਘ ਭੰਗੂ ਦੀ ਯੋਗ ਅਗਵਾਈ ਹੇਠ ਖੇਤੀਬਾੜੀ ਵਿਭਾਗ ਵੱਲੋਂ ਜ਼ਿਲ੍ਹੇ ਦੇ ਪਿੰਡਾਂ ਵਿੱਚ ਆਈ.ਈ.ਸੀ ਗਤੀਵਿਧੀਆਂ ਅਧੀਨ ਕਿਸਾਨ ਜਾਗਰੂਕਤਾ ਕੈਂਪ ਲਗਾਏ ਜਾ ਰਹੇ ਹਨ। ਇਸੇ ਲੜੀ ਤਹਿਤ ਬਲਾਕ ਖੇਤੀਬਾੜੀ ਅਫਸਰ ਡਾ. ਅਮਰਦੀਪ ਸਿੰਘ ਦੀ ਅਗਵਾਈ ਹੇਠ ਡਾ. ਕਵਲਜੀਤ ਸਿੰਘ ਏ.ਈ.ਓ ਵੱਲੋਂ ਪਿੰਡ ਜਾਮਾਰਾਏ ਬਲਾਕ ਚੋਹਲਾ ਸਾਹਿਬ ਵਿਖੇ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਕਿਸਾਨਾਂ ਨੂੰ ਸੰਬੋਧਨ ਕਰਦਿਆਂ ਡਾ. ਅਮਰਦੀਪ ਸਿੰਘ ਏ.ਓ ਨੇ ਦੱਸਿਆ ਕਿ ਪੰਜਾਬ ਅਤੇ ਹਰਿਆਣਾ ਸਮੇਤ ਕਈ ਰਾਜਾਂ ਵਿੱਚ ਕਣਕ ਦੇ ਨਾੜ ਨੂੰ ਅੱਗ ਲਗਾਉਣ ਦੀ ਪ੍ਰਥਾ ਕਾਰਨ ਵਾਤਾਵਰਣ ਨੂੰ ਭਾਰੀ ਨੁਕਸਾਨ ਪਹੁੰਚ ਰਿਹਾ ਹੈ। ਡਾ. ਕਵਲਜੀਤ ਸਿੰਘ ਏ.ਈ.ਓ ਨੇ ਦੱਸਿਆ ਕਿ ਪ੍ਰਸ਼ਾਸਨ ਵੱਲੋਂ ਨਾੜ ਸਾੜਨ ਵਾਲਿਆਂ ਖਿਲਾਫ਼ ਜੁਰਮਾਨੇ ਵੀ ਲਗਾਏ ਜਾ ਰਹੇ ਹਨ, ਪਰ ਨਾਲ ਹੀ ਕਿਸਾਨਾਂ ਨੂੰ ਸਹਿਯੋਗ ਅਤੇ ਸਹੂਲਤਾਂ ਦੇਣ 'ਤੇ ਵੀ ਜ਼ੋਰ ਦਿੱਤਾ ਜਾ ਰਿਹਾ ਹੈ। ਸਮਾਜ ਦੇ ਹਰ ਵਰਗ ਨੂੰ ਇਸ ਮੁਹਿੰਮ ਵਿੱਚ ਭਾਗੀਦਾਰ ਬਣਨ ਦੀ ਲੋੜ ਹੈ ਤਾਂ ਜੋ ਅਸੀਂ ਸੁੱਚਾ ਵਾਤਾਵਰਣ ਅਤੇ ਸਿਹਤਮੰਦ ਭਵਿੱਖ ਨੂੰ ਯਕੀਨੀ ਬਣਾ ਸਕੀਏ। ਇਸ ਮੌਕੇ ਗੁਰਨਿਸ਼ਾਨ ਸਿੰਘ ਏ.ਟੀ.ਐਮ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਫਾਰਮਰ ਰਜਿਸਟਰੀ ਕੈਂਪਾਂ ਵਿੱਚ ਫਾਰਮਰ ਆਈ.ਡੀ ਬਣਾਉਣ ਕਿਉਂਕਿ ਪੀ.ਐਮ ਯੋਜਨਾ ਅਤੇ ਹੋਰ ਕੇਂਦਰੀ ਸਕੀਮਾਂ ਦਾ ਲਾਭ ਲੈਣ ਵਾਸਤੇ ਫਾਰਮ ਆਈ.ਡੀ ਬਣਾਉਣੀ ਬਹੁਤ ਜਰੂਰੀ ਹੈ। ਮੁਖਵਿੰਦਰ ਸਿੰਘ ਏ.ਐਸ.ਆਈ ਨੇ ਕਿਸਾਨਾਂ ਨੂੰ ਦੱਸਿਆ ਕਿ ਖੇਤੀਬਾੜੀ ਵਿਭਾਗ ਕੋਲ 50% ਸਬਸਿਡੀ ਉੱਪਰ ਜਿਪਸਮ ਉਪਲਬਧ ਹੈ। ਇਸ ਕੈਂਪ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਏ.ਐਸ.ਆਈ ਮੁਖਵਿੰਦਰ ਸਿੰਘ, ਅਸ਼ਵਨੀ ਕੁਮਾਰ ਏ.ਟੀ.ਐੱਮ ਖੇਤੀਬਾੜੀ ਸਟਾਫ ਨੇ ਅਹਿਮ ਭੂਮਿਕਾ ਨਿਭਾਈ। ਇਸ ਮੌਕੇ ਉਹਨਾਂ ਦੇ ਨਾਲ ਲਖਬੀਰ ਸਿੰਘ, ਹਰਦੇਵ ਸਿੰਘ, ਸੁਲੱਖਣ ਸਿੰਘ, ਦਲਜੀਤ ਸਿੰਘ, ਸਤਨਾਮ ਸਿੰਘ, ਜਸਕਰਨ ਸਿੰਘ, ਤੇਜਿੰਦਰ ਸਿੰਘ ਬੌਬੀ ਅਤੇ ਪਿੰਡ ਦੇ ਅਗਾਂਹਵਧੂ ਕਿਸਾਨ ਹਾਜ਼ਰ ਸਨ।


ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ੴ ਸਤਿਗੁਰ ਪ੍ਰਸਾਦਿ

ਗੁਰਮੁਖਿ ਜਨਮ ਸਵਾਰ ਦਰਗਹਿ ਚਲਿਆ। ਸਚੀ ਦਰਗਹ ਜਾਇ ਸਚਾ ਪਿੜ ਮਲਿਆ॥

# ਪਹਿਲੀ ਬਰਸੀ ਦਾ ਸਮਾਗਮ

# First Barsi (First Anniversary Memorial Service)



## ਸਵ. ਬੀਬੀ ਹਰਪ੍ਰੀਤ ਕੌਰ ਬੱਲ

## Sardani Harpreet Kaur Bal

ਪੰਥਕ ਹਲਕਿਆਂ ਵਿੱਚ ਜਾਣੀ-ਪਹਿਚਾਣੀ ਸ਼ਖਸ਼ੀਅਤ ਅਤੇ Sikh Federation (UK) ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬਲ ਜੀ ਦੀ ਸਿੰਘਣੀ ਬੀਬੀ ਹਰਪ੍ਰੀਤ ਕੌਰ ਬੱਲ ਜੀ, ਜੋ ਪਿਛਲੇ ਸਾਲ ਸਦੀਵੀ ਵਿਛੋੜਾ ਦੇ ਗਏ ਸਨ, ਉਹਨਾਂ ਦੀ ਪਵਿੱਤਰ ਯਾਦ ਵਿੱਚ ਪਹਿਲੀ ਬਰਸੀ ਦਾ ਸਮਾਗਮ ਮਨਾਇਆ ਜਾ ਰਿਹਾ ਹੈ।

**ਤਾਰੀਖ: 5 ਅਪ੍ਰੈਲ 2026 (ਦਿਨ ਐਤਵਾਰ)**

**ਸਮਾਂ: ਦੁਪਹਿਰ 12:00 ਵਜੇ ਤੋਂ 2:00 ਵਜੇ ਤੱਕ**

ਸਥਾਨ: Gurdwara Sri Guru Singh Sabha, Park Avenue, Southall.
(ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਪਾਰਕ ਐਵਨਿਊ, ਸਾਊਥਾਲ)

•ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ •ਗੁਰਬਾਣੀ ਕੀਰਤਨ •ਅਰਦਾਸ

**• ਸਮਾਗਮ ਉਪਰੰਤ ਗੁਰੂ ਕੇ ਲੰਗਰ ਅਤੁੱਟ ਵਰਤਣਗੇ**

ਆਪ ਜੀ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਪਰਿਵਾਰ ਸਮੇਤ ਹਾਜ਼ਰੀ ਭਰ ਕੇ ਬੀਬੀ ਹਰਪ੍ਰੀਤ ਕੌਰ ਜੀ ਦੀ ਪਵਿੱਤਰ ਯਾਦ ਵਿੱਚ ਹੋ ਰਹੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋ ਕੇ ਅਸੀਸਾਂ ਦੇ ਭਾਗੀ ਬਣੋ ਜੀ।

**ਬੇਨਤੀ ਕਰਤਾ:**
**ਹਰਮੀਤ ਸਿੰਘ ਬੱਲ, ਜਗਜੀਤ ਕੌਰ ਬੱਲ, ਭਵਨਪ੍ਰੀਤ ਕੌਰ ਸੰਧੂ**

By the Grace of the True Guru
First Barsi (First Anniversary Memorial Service)
In loving memory of our beloved mother
Sardani Harpreet Kaur Bal
We humbly invite you to join us for a memorial service in her cherished memory.

**Sunday, 5th April 2026, 12:00 noon – 2:00 pm**

Programme:
* Sri Sukhmani Sahib Path, * Gurbani Kirtan * Ardas
* Followed by Guru Ka Langar

Venue : Gurdwara Sri Guru Singh Sabha, Park Avenue, Southall, Middlesex

Your presence with family and friends will be deeply appreciated as we gather to remember and honour her life.


**With humble request from:**
**Harmeet Singh Bal, Jagjeet Kaur Bal, Bhavanpreet Kaur Sandhu**

**Contact: +44 7771 608363**


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ
AWAZE QAUM
International Newspaper & WEB TV

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

---

ਨਾਮ ਜਪੋ ਕਿਰਤ ਕਰੋ ਵੰਡ ਛਕੋ — Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥ — WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

---


# ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

---

ਦੇਗ ਤੇਗ ਫ਼ਤਿਹ – ਪੰਥ ਕੀ ਜੀਤ

*ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋਂ ਪਾਵਾ ॥*

## ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ
ਮਾਤਾ ਸਾਹਿਬ ਕੌਰ ਜੀ

# ਗੁਰਮਤਿ ਸਮਾਗਮ

## 1 ਨਵੰਬਰ 2026, ਦਿਨ ਐਤਵਾਰ ਨੂੰ

**ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ**

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ
ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

## ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ

## ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470

**ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137**

**ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦੱਲ**

ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿੱਲੋਂ, ਜ: ਮਹਿਤਾਬ ਸਿੰਘ ਵਿੱਲੋਂ

ਸੰਪਰਕ ਨੰਬਰ
84278-66404

## ਮਾਨ ਸਰਕਾਰ ਦੇ 4 ਸਾਲਾਂ ਦੇ

# ਲੋਕ ਪੱਖੀ ਫੈਸਲਿਆਂ ਤੋਂ ਲੋਕ ਖੁਸ਼-ਹਰਜਿੰਦਰ ਸਿੰਘ ਕਾਂਝਲਾ



**ਧੂਰੀ ( ਰਣਜੀਤ ਸਿੰਘ ਪੇਧਨੀ )**-ਸ਼ਾਨਦਾਰ ਚਾਰ ਸਾਲ ਮਾਨ ਸਰਕਾਰ ਦੇ ਨਾਲ ਪ੍ਰੋਗਰਾਮ ਦੇ ਤਹਿਤ ਪਿੰਡ ਜਹਾਂਗੀਰ ਵਿਖੇ ਸਰਪੰਚ ਰੁਪਿੰਦਰ ਕੌਰ ਅਤੇ ਉੱਘੇ ਸਮਾਜ ਸੇਵੀ ਮਨਪ੍ਰੀਤ ਸ਼ਰਮਾ ਰਿੱਕੀ ਦੀ ਅਗਵਾਈ ਹੇਠ ਇੱਕ ਸਮਾਗਮ ਕਰਵਾਇਆ ਗਿਆ ਜਿਸ ਵਿੱਚ ਜ਼ਿਲਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਇਸ ਮੌਕੇ ਹੋਏ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਹਰਜਿੰਦਰ ਸਿੰਘ ਕਾਂਜਲਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਨੇ ਕਿਹਾ ਕਿ ਜਦੋਂ ਤੋਂ ਪੰਜਾਬ ਦੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਵਾਗਡੋਰ ਸੰਭਾਲੀ ਆ ਉਸ ਦਿਨ ਤੋਂ ਲੈ ਕੇ ਅੱਜ ਤੱਕ ਲੋਕ ਪੱਖੀ ਫੈਸਲੇ ਕੀਤੇ ਹਨ ਜਿਨਾਂ ਵਿੱਚ ਬਿਜਲੀ ਫਰੀ, ਨਹਿਰੀ ਪਾਣੀ, ਸਿਹਤ, ਸਿੱਖਿਆ ਕ੍ਰਾਂਤੀ, ਮੁਹੱਲਾ ਕਲੀਨਿਕ ਆਦਿ ਵਰਗੀਆਂ ਆਧੁਨਿਕ ਸਹੂਲਤਾਂ ਦੇ ਕੇ ਨਿਵਾਜਿਆ ਹੈ।ਉਹਨਾਂ ਕਿਹਾ ਕਿ ਸ਼ਾਨਦਾਰ ਚਾਰ ਸਾਲ ਭਗਵੰਤ ਮਾਨ ਸਰਕਾਰ ਦੇ ਨਾਲ ਪ੍ਰੋਗਰਾਮ ਦੇ ਤਹਿਤ ਪਿੰਡਾਂ ਵਿੱਚ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ 2027 ਦੇ ਵਿੱਚ ਦੁਬਾਰਾ ਮਾਨ ਸਰਕਾਰ ਬਣਾਉਣ ਦੇ ਲਈ ਮੁੱਢ ਬੰਨਿਆ ਜਾ ਰਿਹਾ।

ਆਵਾਜ਼ਿ ਕੌਮ AWAZE QAUM International Newspaper & WEB TV

## ਪਟਿਆਲਾ ਕੇਂਦਰੀ ਜੇਲ ਵਿੱਚ ਨਜ਼ਰਬੰਦ ਸਿੰਘ ਚੜਦੀ ਕਲਾ ਵਿੱਚ : ਭਾਈ ਮਨਦੀਪ ਸਿੰਘ ਸਿੱਧੂ

# ਐਨ.ਐਸ.ਏ ਹੇਠ ਨਜ਼ਰਬੰਦ ਸਿੰਘਾਂ ਦਾ ਮਨੋਬਲ ਬੁਲੰਦ, ਨਿਆਂ ਦੀ ਲੜਾਈ ਜਾਰੀ

**ਪਟਿਆਲਾ 30 ਮਾਰਚ (ਆਵਾਜ਼ਿ ਕੌਮ ਬਿਊਰੋ)**- ਅੱਜ ਸ਼ਹੀਦ ਭਾਈ ਦੀਪ ਸਿੱਧੂ ਦੇ ਭਰਾਤਾ ਅਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਸਕੱਤਰ ਜਨਰਲ ਭਾਈ ਮਨਦੀਪ ਸਿੰਘ ਸਿੱਧੂ ਵੱਲੋਂ ਪਟਿਆਲਾ ਕੇਂਦਰੀ ਜੇਲ ਪਹੁੰਚ ਕੇ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨਾਲ ਐਨ.ਐਸ.ਏ ਅਧੀਨ ਨਜ਼ਰਬੰਦ ਰਹੇ ਪਾਰਟੀ ਦੇ ਮੁੱਢਲੇ ਮੈਂਬਰ ਭਾਈ ਦਲਜੀਤ ਸਿੰਘ ਕਲਸੀ ਅਤੇ ਭਾਈ ਗੁਰਿੰਦਰਪਾਲ ਸਿੰਘ @ ਗੁਰ ਔਜਲਾ ਨਾਲ ਵਿਸ਼ੇਸ਼ ਮੁਲਾਕਾਤ ਕੀਤੀ, ਇਸ ਵਕਤ ਉਹਨਾਂ ਦੇ ਨਾਲ ਭਾਈ ਬਲਵੰਤ ਸਿੰਘ ਅਤੇ ਜਿਲਾ ਸੰਗਰੂਰ ਦੇ ਪ੍ਰਧਾਨ ਭਾਈ ਅਵਤਾਰ ਸਿੰਘ ਕਾਹਨਗੜ੍ਹ ਵੀ ਮੌਜੂਦ ਸਨ। ਇਸ ਸੰਬੰਧੀ ਜਾਣਕਾਰੀ ਅਕਾਲੀ ਦਲ ਵਾਰਿਸ ਪੰਜਾਬ ਦੇ ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਪ੍ਰੈਸ ਨੋਟ ਰਾਹੀਂ ਜਾਣਕਾਰੀ ਸਾਂਝੀ ਕਰਦਿਆਂ ਭਾਈ ਮਨਦੀਪ ਸਿੰਘ ਸਿੱਧੂ ਨੇ ਦੱਸਿਆ ਕਿ ਜੇਲ ਵਿੱਚ ਨਜ਼ਰਬੰਦ ਸਾਰੇ ਸਿੰਘ ਪੂਰੀ ਤਰ੍ਹਾਂ ਚੜਦੀ ਕਲਾ ਵਿੱਚ ਹਨ ਅਤੇ ਉਨ੍ਹਾਂ ਦੇ ਹੌਸਲੇ ਬੁਲੰਦ ਹਨ। ਉਨ੍ਹਾਂ ਕਿਹਾ ਕਿ ਮੁਸ਼ਕਿਲ ਹਾਲਾਤਾਂ ਦੇ ਬਾਵਜੂਦ ਸਿੰਘਾਂ ਦੀ ਦ੍ਰਿੜਤਾ ਅਤੇ ਸਿੱਖੀ ਸਿਧਾਂਤਾਂ ਨਾਲ ਨਿਭਾਓ ਕਾਬਿਲ-ਏ-ਤਾਰੀਫ਼ ਹੈ। ਭਾਈ ਮਨਦੀਪ ਸਿੰਘ ਸਿੱਧੂ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੇ ਸਾਥੀ ਸਿੰਘਾਂ ਨੇ ਪੰਥਕ ਮਸਲਿਆਂ ਅਤੇ ਮੌਜੂਦਾ ਸਿਆਸੀ ਹਾਲਾਤਾਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਦੱਸਿਆ ਕਿ ਸਿੰਘਾਂ ਦਾ ਮਨੋਬਲ ਬਹੁਤ ਮਜ਼ਬੂਤ ਹੈ ਅਤੇ ਉਹ ਪੂਰੇ ਵਿਸ਼ਵਾਸ ਨਾਲ ਸੱਚ ਅਤੇ ਨਿਆਂ ਦੀ ਲੜਾਈ ਲੜ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਐਨ.ਐਸ.ਏ ਵਰਗੇ ਕਾਨੂੰਨਾਂ ਦਾ ਦੁਰਉਪਯੋਗ ਕਰਕੇ ਸਿੱਖ ਨੌਜਵਾਨਾਂ ਨੂੰ ਨਜ਼ਰਬੰਦ ਕਰਨਾ ਨਿਆਂ ਪ੍ਰਣਾਲੀ 'ਤੇ ਸਵਾਲ ਖੜੇ ਕਰਦਾ ਹੈ। ਪਰ ਇਸ ਸਭ ਦੇ ਬਾਵਜੂਦ ਸਿੰਘਾਂ ਦਾ ਜਜ਼ਬਾ ਕਮਜ਼ੋਰ ਨਹੀਂ ਹੋਇਆ, ਸਗੋਂ ਹੋਰ ਮਜ਼ਬੂਤ ਹੋਇਆ ਹੈ। ਅਖੀਰ ਵਿੱਚ ਭਾਈ ਮਨਦੀਪ ਸਿੰਘ ਸਿੱਧੂ ਨੇ ਸੰਗਤ ਨੂੰ ਅਪੀਲ ਕੀਤੀ ਕਿ ਉਹ ਪੰਥਕ ਏਕਤਾ ਨੂੰ ਮਜ਼ਬੂਤ ਕਰਦੇ ਹੋਏ ਨਜ਼ਰਬੰਦ ਸਿੰਘਾਂ ਦੀ ਰਿਹਾਈ ਲਈ ਆਵਾਜ਼ ਬੁਲੰਦ ਕਰਨ ਅਤੇ ਸੱਚ ਦੀ ਇਸ ਲੜਾਈ ਵਿੱਚ ਆਪਣਾ ਯੋਗਦਾਨ ਪਾਉਣ।




ਆਵਾਜ਼ਿ ਕੌਮ AWAZE QAUM International Newspaper & WEB TV

# ਬਸਪਾ ਦੀ ਪੰਜਾਬ ਸੰਭਾਲੋ ਰੈਲੀ ਵਿੱਚ ਲੋਕ ਕਾਫਲਿਆਂ ਦੇ ਰੂਪ ਵਿੱਚ ਪਹੁੰਚਣਗੇ : ਬਸਪਾ ਆਗੂ

**ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਵਿਧਾਨ ਦੇ ਨਿਰਮਾਤਾ ਔਰਤਾਂ ਦੇ ਮੁਕਤੀ ਦਾਤਾ, ਯੁਗ ਪਲਟਾਊ ਰਹਿਬਰ, ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਸਾਹਿਬ ਜੀ ਦੇ 155ਵੇਂ ਜਨਮ ਦਿਹਾੜੇ ਨੂੰ ਮੁੱਖ ਰੱਖਦਿਆਂ ਹੋਇਆਂ ਵਿਧਾਨ ਸਭਾ ਹਲਕਾ ਧੂਰੀ ਵਿਖੇ ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਪੰਜਾਬ ਸੰਭਾਲੋ ਸਮਾਗਮ ਕਰਵਾਇਆ ਜਾ ਰਿਹਾ ਹੈ । ਜਿਸ ਦੀਆਂ ਤਿਆਰੀਆਂ ਦੇ ਲਈ ਬਹੁਜਨ ਸਮਾਜ ਪਾਰਟੀ ਬਰਨਾਲਾ ਦੇ ਇੰਚਾਰਜ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ, ਉੱਘੇ ਵਿਦਵਾਨ ਬੀਐਸਪੀ ਦੇ ਸੀਨੀਅਰ ਆਗੂ ਦਰਸ਼ਨ ਸਿੰਘ ਬਾਜਵਾ, ਸਰਬਜੀਤ ਸਿੰਘ ਖੇੜੀ ਅਤੇ ਸੋਮਾ ਸਿੰਘ ਗੰਡੇਵਾਲ ਵੱਲੋਂ ਵੱਖ-ਵੱਖ ਪਿੰਡਾਂ ਦੇ ਵਿੱਚ ਮੀਟਿੰਗਾਂ ਕਰਕੇ ਪੰਜਾਬ ਸੰਭਾਲੋ ਪ੍ਰੋਗਰਾਮ ਤਹਿਤ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਅਕਾਲੀ -ਭਾਜਪਾ, ਕਾਂਗਰਸ ਅਤੇ ਆਮ ਆਦਮੀ ਪਾਰਟੀ ਦਾ ਰਾਜ ਦੇਖਿਆ ਹੈ। ਪੰਜਾਬ ਵਿੱਚ ਗਿਣਤੀ ਦੇ ਹੀ ਸਰਮਾਏਦਾਰ ਲੋਕ ਹਨ ਜਿਨਾਂ ਨੇ ਇਹ ਚਾਰੇ ਪਾਰਟੀਆਂ ਬਣਾ ਕੇ ਪੰਜਾਬ ਨੂੰ ਲੁਟਿਆ ਅਤੇ ਬਰਬਾਦ ਕੀਤਾ ਹੈ, ਜੇ ਤੁਸੀਂ ਚਾਹੁੰਦੇ ਹੋ ਕਿ ਪੰਜਾਬ ਦੀ ਜਵਾਨੀ-ਕਿਸਾਨੀ ਨੂੰ ਬਚਾਉਣ ਲਈ ਨਵਾਂ ਪੰਜਾਬ ਸਿਰਜਣ ਲਈ ਤਾਂ ਆਓ ਸਾਰੇ ਇਕੱਠੇ ਹੋ ਕੇ 2027 ਵਿੱਚ ਇੱਕ ਮੌਕਾ ਬਸਪਾ ਨੂੰ ਦੇ ਕੇ ਇਤਿਹਾਸ ਸਿਰਜੀਏ। ਆਗੂਆਂ ਨੇ ਕਿਹਾ ਕਿ ਪੰਜਾਬ ਅਤੇ ਪੰਜਾਬੀਅਤ ਨੂੰ ਪਿਆਰ ਕਰਨ ਵਾਲੇ ਲੋਕ 14 ਅਪ੍ਰੈਲ ਨੂੰ ਧੂਰੀ ਵਿਖੇ ਕਾਫਲਿਆਂ ਦੇ ਰੂਪ ਪਹੁੰਚਣਗੇ।

ਆਵਾਜ਼ਿ ਕੌਮ AWAZE QAUM International Newspaper & WEB TV



# ਜਦੋਂ ਲੋਕਾਂ ਦੀ ਆਵਾਜ਼ ਵਾਰ-ਵਾਰ ਅਣਸੁਣੀ ਕੀਤੀ ਜਾਵੇ, ਤਾਂ ਉਹ ਇੱਕ ਦਿਨ ਇਨਸਾਫ਼ ਲਈ ਅਦਾਲਤ ਦਾ ਦਰਵਾਜ਼ਾ ਖੜਕਾਉਂਦੇ ਹਨ - ਵਕੀਲ ਰਾਣਾ

**ਬਾਬਾ ਬਕਾਲਾ ਸਾਹਿਬ, 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਰਈਆ ਨਗਰ ਪੰਚਾਇਤ ਦੇ ਹਾਲਾਤ ਅੱਜ ਇਨ੍ਹਾਂ ਦਰਜੇ ਤੱਕ ਡਿਗ ਚੁੱਕੇ ਹਨ ਕਿ ਹਰ ਗਲੀ, ਹਰ ਮੋੜ ਤੇ ਲੋਕਾਂ ਦੀ ਬੇਬਸੀ ਅਤੇ ਦਰਦ ਸਾਫ਼ ਮਹਿਸੂਸ ਹੁੰਦਾ ਹੈ। ਜਿੱਥੇ ਕਦੇ ਵਿਕਾਸ ਦੇ ਸੁਪਨੇ ਵੇਖੇ ਗਏ ਸਨ, ਉੱਥੇ ਅੱਜ ਨਿਰਾਸ਼ਾ ਦਾ ਘੁੱਪ ਅੰਧੇਰਾ ਛਾਇਆ ਹੋਇਆ ਹੈ।



ਸਭ ਤੋਂ ਦੁਖਦਾਈ ਗੱਲ ਇਹ ਹੈ ਕਿ ਨਗਰ ਦੀਆਂ ਸਟ੍ਰੀਟ ਲਾਈਟਾਂ ਲਗਭਗ ਹਮੇਸ਼ਾ ਖਰਾਬ ਜਾਂ ਬੰਦ ਹੀ ਰਹਿੰਦੀਆਂ ਹਨ। ਜਿਵੇਂ ਹੀ ਸ਼ਾਮ ਢਲਦੀ ਹੈ, ਪੂਰਾ ਰਈਆ ਅੰਧੇਰੇ ਦੀ ਗੋਦ ਵਿੱਚ ਚਲਾ ਜਾਂਦਾ ਹੈ। ਛੋਟੇ-ਛੋਟੇ ਬੱਚੇ, ਬਜ਼ੁਰਗ ਤੇ ਮਹਿਲਾਵਾਂ ਡਰ ਦੇ ਸਾਏ ਹੇਠ ਆਪਣਾ ਜੀਵਨ ਬਿਤਾਉਣ ਲਈ ਮਜਬੂਰ ਹਨ। ਹਰ ਕਦਮ 'ਤੇ ਅਣਜਾਣ ਖ਼ਤਰੇ ਦਾ ਅਹਿਸਾਸ ਹੁੰਦਾ ਹੈ—ਨਾ ਰੋਸ਼ਨੀ, ਨਾ ਸੁਰੱਖਿਆ, ਨਾ ਕੋਈ ਸਹਾਰਾ।

ਇਸ ਦੇ ਨਾਲ ਹੀ ਪਬਲਿਕ ਟਾਇਲਟ ਵਰਗੀ ਬੁਨਿਆਦੀ ਸੁਵਿਧਾ ਦਾ ਨਾ ਹੋਣਾ ਇੱਕ ਵੱਡਾ ਸਵਾਲ ਬਣ ਚੁੱਕਾ ਹੈ।ਮਹਿਲਾਵਾਂ ਲਈ ਇਹ ਹਾਲਾਤ ਸਭ ਤੋਂ ਵੱਧ ਪੀੜਾਦਾਇਕ ਹਨ, ਜਿਨ੍ਹਾਂ ਨੂੰ ਆਪਣੀ ਇੱਜ਼ਤ ਤੇ ਸਿਹਤ ਦੇ ਨਾਲ ਸਮਝੌਤਾ ਕਰਨਾ ਪੈ ਰਿਹਾ ਹੈ। ਇਹ ਸਿਰਫ਼ ਇੱਕ ਕਮੀ ਨਹੀਂ, ਸਗੋਂ ਮਨੁੱਖੀ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ ਹੈ।

ਨਗਰ ਦੀ ਸਫ਼ਾਈ ਦਾ ਹਾਲ ਵੀ ਬਹੁਤ ਹੀ ਖ਼ਰਾਬ ਹੈ। ਗਲੀਆਂ ਵਿੱਚ ਪਈ ਗੰਦਗੀ ਨਾ ਸਿਰਫ਼ ਬਦਬੂ ਪੈਦਾ ਕਰਦੀ ਹੈ, ਸਗੋਂ ਬਿਮਾਰੀਆਂ ਨੂੰ ਸੱਦਾ ਦੇ ਰਹੀ ਹੈ। ਪਰ ਦੁਖ ਦੀ ਗੱਲ ਇਹ ਹੈ ਕਿ ਨਾ ਕੋਈ ਅਧਿਕਾਰੀ ਇਸ ਵੱਲ ਧਿਆਨ ਦੇ ਰਿਹਾ ਹੈ ਅਤੇ ਨਾ ਹੀ ਕੋਈ ਜ਼ਿੰਮੇਵਾਰ ਵਿਅਕਤੀ ਆਪਣਾ ਫਰਜ਼ ਨਿਭਾ ਰਿਹਾ ਹੈ।

ਸਭ ਤੋਂ ਵੱਡੀ ਗੱਲ ਇਹ ਹੈ ਕਿ ਰਈਆ ਦੇ ਵਸਨੀਕ ਕਈ ਵਾਰ ਸਮੇਂ-ਸਮੇਂ 'ਤੇ ਨਗਰ ਪੰਚਾਇਤ, ਪ੍ਰਧਾਨ ਅਤੇ ਸਟਾਫ ਨੂੰ ਮੌਖਿਕ ਤੌਰ 'ਤੇ ਬੇਨਤੀ ਕਰ ਚੁੱਕੇ ਹਨ ਕਿ ਇਨ੍ਹਾਂ ਸਮੱਸਿਆਵਾਂ ਦਾ ਹੱਲ ਕੀਤਾ ਜਾਵੇ। ਪਰ ਅਫਸੋਸ ਦੀ ਗੱਲ ਹੈ ਕਿ ਹਰ ਵਾਰ ਲੋਕਾਂ ਦੀ ਆਵਾਜ਼ ਨੂੰ ਅਣਸੁਣਿਆ ਕਰ ਦਿੱਤਾ ਗਿਆ ਅਤੇ ਅੱਜ ਤੱਕ ਕੋਈ ਵੀ ਢੰਗ ਦੀ ਕਾਰਵਾਈ ਨਹੀਂ ਹੋਈ।

ਆਵਾਜ਼ਿ ਕੌਮ AWAZE QAUM International Newspaper & WEB TV

ਇਹ ਹਾਲਾਤ ਵੇਖ ਕੇ ਦਿਲੋਂ ਇੱਕ ਹੀ ਸਵਾਲ ਉੱਠਦਾ ਹੈ—ਕੀ ਰਈਆ ਵਿੱਚ ਵਾਕਈ ਕੋਈ ਨਗਰ ਪੰਚਾਇਤ ਮੌਜੂਦ ਹੈ? ਕੀ ਇੱਥੇ ਕੋਈ ਪ੍ਰਧਾਨ ਜਾਂ ਕਰਮਚਾਰੀ ਹੈ ਜੋ ਲੋਕਾਂ ਦੇ ਦੁੱਖ-ਦਰਦ ਨੂੰ ਸਮਝ ਸਕੇ? ਜਾਂ ਫਿਰ ਇਹ ਨਗਰ ਸਿਰਫ਼ ਕਾਗਜ਼ਾਂ ਤੱਕ ਹੀ ਸੀਮਿਤ ਰਹਿ ਗਿਆ ਹੈ?

ਰਈਆ ਦੇ ਲੋਕ ਅੱਜ ਵੀ ਉਮੀਦ ਦੀ ਇੱਕ ਕਿਰਣ ਨਾਲ ਬੈਠੇ ਹਨ ਕਿ ਕੋਈ ਉਨ੍ਹਾਂ ਦੀ ਸੁਣੇਗਾ, ਕੋਈ ਉਨ੍ਹਾਂ ਦੇ ਹੱਕ ਲਈ ਖੜ੍ਹਾ ਹੋਵੇਗਾ। ਪਰ ਹਰ ਬੀਤਦੇ ਦਿਨ ਨਾਲ ਉਹ ਉਮੀਦ ਵੀ ਮੰਦ ਪੈਂਦੀ ਜਾ ਰਹੀ ਹੈ।

ਇਸ ਸੰਬੰਧੀ ਵਕੀਲ ਰਣਜੀਤ ਸਿੰਘ ਰਾਣਾ ਨੇ ਕਿਹਾ ਹੈ ਕਿ ਜੇਕਰ ਇਨ੍ਹਾਂ ਗੰਭੀਰ ਮਸਲਿਆਂ ਦਾ ਜਲਦੀ ਹੱਲ ਨਾ ਕੀਤਾ ਗਿਆ ਤਾਂ ਮਜਬੂਰਨ ਇਸ ਮਾਮਲੇ ਨੂੰ ਅਦਾਲਤ, ਗ੍ਰੀਨ ਟ੍ਰਿਬਿਊਨਲ, ਇਨਵਾਇਰਨਮੈਂਟ ਟ੍ਰਿਬਿਊਨਲ ਅਤੇ ਹਿਊਮਨ ਰਾਈਟਸ ਕਮਿਸ਼ਨ ਦੇ ਸਾਹਮਣੇ ਰੱਖਣਾ ਪੈ ਸਕਦਾ ਹੈ। ਉਨ੍ਹਾਂ ਨੇ ਕਿਹਾ ਕਿ ਇਹ ਸਿਰਫ਼ ਵਿਕਾਸ ਦਾ ਮਸਲਾ ਨਹੀਂ, ਸਗੋਂ ਲੋਕਾਂ ਦੇ ਮੂਲ ਅਧਿਕਾਰਾਂ ਦੀ ਗੱਲ ਹੈ।

## ਵਰ੍ਹੇਗੰਢ ਮੁਬਾਰਕ



ਸ਼ਰਨਜੀਤ ਸਿੰਘ ਰਜਵੰਤ ਕੌਰ ਵਾਸੀ ਅੰਮ੍ਰਿਤਸਰ ਨੂੰ ਵਿਆਹ ਦੀ 45 ਵੀ ਵਰ੍ਹੇਗੰਢ ਮੌਕੇ ਬਹੁਤ ਬਹੁਤ ਮੁਬਾਰਕਾਂ ( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

## ਜਨਮ ਦਿਨ ਮੁਬਾਰਕ



ਅੰਗਦਵੀਰ ਸਿੰਘ ਬੱਲ ਪਿਤਾ ਸੁਖਜਿੰਦਰ ਸਿੰਘ ਬੱਲ, ਮਾਤਾ ਗੁਰਪ੍ਰੀਤ ਕੌਰ ਬੱਲ ਵਾਸੀ ਸਠਿਆਲਾ ( ਕਨੇਡਾ) (ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਂਕ ਮਹਿਤਾ)

ਆਵਾਜ਼ਿ ਕੌਮ AWAZE QAUM International Newspaper & WEB TV

ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਚੂੰਗ ਦਾ

# ਸਲਾਨਾ ਨਤੀਜਾ ਐਲਾਨਿਆ ਗਿਆ : ਡਾਇਰੈਕਟਰ ਤੇਜਬੀਰ ਸਿੰਘ ਸੋਹਲ




**ਚੌਕ ਮਹਿਤਾ, 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ, ਚੂੰਘ (ਸੰਬੰਧਨ ਪੰਜਾਬ ਸਕੂਲ ਸਿੱਖਿਆ ਬੋਰਡ) ਵਿੱਚ ਸੈਸ਼ਨ 2025-26 ਦਾ ਸਲਾਨਾ ਨਤੀਜਾ ਘੋਸ਼ਿਤ ਕੀਤਾ ਗਿਆ ਹੈ।ਸੰਸਥਾ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਮਾਪਿਆਂ ਨੂੰ ਜੀ ਆਇਆਂ ਆਖਿਆ ਅਤੇ ਓਹਨਾ ਦੇ ਸਕੂਲ ਆਉਣ ਤੇ ਧੰਨਵਾਦ ਕੀਤਾ।ਸੰਸਥਾ ਦੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ ਅਤੇ ਪ੍ਰਿੰਸੀਪਲ ਮਨਤੇਸ਼ ਕੁਮਾਰ ਨੇ ਪਹਿਲੇ ਤਿੰਨ ਦਰਜਿਆਂ ਤੇ ਆਉਣ ਵਾਲਿਆ ਵਿਦਿਆਰਥੀਆਂ ਨੂੰ ਟਰਾਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਇਸ ਸ਼ੈਸ਼ਨ ਵਿੱਚ ਅਲੱਗ ਅਲੱਗ ਪ੍ਰਾਪਤੀਆਂ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ।ਮੈਡਮ ਅਦਿਤੀ ਨੇ ਸਕੂਲ ਦੀਆਂ ਪ੍ਰਾਪਤੀਆਂ ਬਾਰੇ ਆਏ ਹੋਏ ਵਿਦਿਆਰਥੀਆਂ ਦੇ ਮਾਤਾ ਪਿਤਾ ਨੂੰ ਜਾਣੂ ਕਰਵਾਇਆ।100% ਨਤੀਜੇ ਆਉਣ ਤੇ ਪੂਰੇ ਸਟਾਫ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਵਧਾਈ ਦਿੱਤੀ। ਇਸ ਮੌਕੇ ਜਸਪ੍ਰੀਤ ਕੌਰ ਸੋਹਲ, ਹਰਪ੍ਰੀਤ ਕੌਰ, ਹਰਮਿੰਦਰ ਕੌਰ, ਉਪਿੰਦਰਜੀਤ ਕੌਰ, ਵਿਦਿਆਰਥੀ, ਵਿਦਿਆਰਥੀਆਂ ਦੇ ਮਾਤਾ ਪਿਤਾ ਅਤੇ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿਖਿਆ ਬੋਰਡ ਦੇ

# ਪੰਜਵੀਂ ਦੀ ਪ੍ਰੀਖਿਆ ਵਿਚੋਂ ਮਾਰੀਆ ਮੱਲਾਂ : ਡਾਇਰੈਕਟਰ ਹਰਪਾਲ ਸਿੰਘ ਯੂ ਕੇ




**ਚੌਕ ਮਹਿਤਾ, 30 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ ਪੰਜਵੀਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ। ਜਿਸ ਵਿਚ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੀ ਵਿਦਿਆਰਥਣਾਂ ਜਸਮੀਤ ਕੌਰ ਪੁੱਤਰੀ ਸ. ਸ਼ਮਸ਼ੇਰ ਸਿੰਘ ਅਤੇ ਜਸਮੀਤ ਕੌਰ ਪੁੱਤਰੀ ਸ. ਹਰਪ੍ਰੀਤ ਸਿੰਘ ਨੇ ਇਹਨਾਂ ਦੋਵਾਂ ਨੇ ਪੰਜਵੀਂ ਦੀ ਪ੍ਰੀਖਿਆ ਵਿਚੋਂ 500/500 (100%) ਅੰਕ ਲੈ ਕੇ ਅਵੱਲ ਸਥਾਨ ਹਾਂਸਲ ਕੀਤਾ ਹੈ ਅਤੇ ਸਕੂਲ ਦੇ ਪੰਜਵੀਂ ਪ੍ਰੀਖਿਆ ਨਤੀਜੇ ਦੇ ਬਾਕੀ ਵਿਦਿਆਰਥੀਆ ਨੇ ਚੰਗੇ ਨੰਬਰ ਲੈ ਕੇ ਮੱਲਾ ਮਾਰੀਆਂ ਹਨ। ਕੁਲ ਹਾਜਰ ਵਿਦਿਆਰਥੀ 86 ਸਨ। ਦੋ ਵਿਦਿਆਰਥਣਾਂ ਜਸਮੀਤ ਕੌਰ ਪੁੱਤਰੀ ਸ਼ਮਸ਼ੇਰ ਸਿੰਘ ਅਤੇ ਜਸਮੀਤ ਕੌਰ ਪੁੱਤਰ ਹਰਪ੍ਰੀਤ ਸਿੰਘ ਨੇ ਇਹਨਾਂ ਦੋਵਾਂ ਨੇ ਪੰਜਵੀਂ ਦੀ ਪ੍ਰੀਖਿਆ ਵਿਚੋਂ 500/500 (100%) ਅੰਕ ਲੈ ਕੇ ਅਵੱਲ ਸਥਾਨ ਹਾਂਸਲ ਕੀਤਾ ਹੈ ਜਦੋਂਕਿ ਜੋਬਨਪ੍ਰੀਤ ਸਿੰਘ ਪੁੱਤਰ ਸ. ਜਤਿੰਦਰ ਸਿੰਘ ਨੇ 499/500 (99.8%), ਕੁੰਵਰਸਨਕਸ਼ ਪ੍ਰਤਾਪ ਸਿੰਘ ਪੁੱਤਰ ਸ. ਸਤਨਾਮ ਸਿੰਘ 499/500 (99.8%), ਅਤੇ ਜਸਕਿਰਤ ਕੌਰ ਪੁਤਰੀ ਸ. ਪਰਮਿੰਦਰ ਸਿੰਘ 499/500 (99.8%), ਲੈ ਕੇ ਦੂਜਾ ਸਥਾਨ ਹਾਂਸਲ ਕੀਤਾ ਹੈ। ਸਹਿਜਪ੍ਰੀਤ ਕੌਰ ਪੁੱਤਰੀ ਸ. ਹਰਮਿੰਦਰਪਾਲ ਸਿੰਘ ਨੇ 498/500 (99.6%) ਅਤੇ ਪਰਨੀਤ ਕੌਰ ਪੁੱਤਰੀ ਸ. ਗੁਰਮੀਤ ਸਿੰਘ 498/500 (99.6%) ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਨਾਲ ਪੰਜਵੀ ਜਮਾਤ ਦੇ ਵਿਦਿਆਰਥੀਆਂ ਦਾ ਨਤੀਜਾ 100% ਰਿਹਾ।

ਪੰਜਵੀਂ ਦਾ ਨਤੀਜਾ ਵਧੀਆਂ ਆਉਣ ਤੇ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਅਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਸਮੂਹ ਵਿਦਿਆਰਥੀਆ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ। ਇਸਦਾ ਸੇਹਰਾ ਸਕੂਲ ਦੇ ਅਧਿਆਪਕਾਂ, ਬੱਚਿਆ ਦੀ ਮਿਹਨਤ ਅਤੇ ਉਨਾਂ ਦੇ ਮਾਪਿਆਂ ਨੂੰ ਜਾਂਦਾ ਹੈ ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## 31 ਮਾਰਚ

ਪੀਣ ਵਾਲਿਆਂ ਦੇ ਵਾਂਗ ਸਾਰੇ ਬੱਚਿਆਂ ਦੇ
ਦਿਲਾਂ 'ਚ ਵੀ ਮਸਤੀ ਹੋਵੇ।
ਕਾਸ਼ ! ਕਾਪੀ ਤੇ ਕਿਤਾਬ 31 ਮਾਰਚ ਨੂੰ
ਹਰ ਇੱਕ ਸਸਤੀ ਹੋਵੇ।

ਠੇਕੇ ਟੁੱਟਨ ਤੇ ਸਸਤੀਆਂ ਸ਼ਰਾਬਾਂ ਜੀ
ਜਿਵੇਂ ਮਿਲ਼ਦੀਆਂ ਮਿਲਣ ਜੇ ਕਿਤਾਬਾਂ ਜੀ
ਮਾਪਿਆਂ ਦਾ ਬੋਝ ਬਹੁਤ ਘਟਜੇ
ਹਾਲਤ ਨਾ ਖ਼ਸਤੀ ਹੋਵੇ।
ਕਾਸ! ਕਾਪੀ ਤੇ ਕਿਤਾਬ 31 ਮਾਰਚ ਨੂੰ
ਹਰ ਇੱਕ ਸਸਤੀ ਹੋਵੇ।

ਆਵੇ ਬੱਚਿਆਂ ਚ ਖੁਸ਼ੀ ਵਾਲੀ ਲਹਿਰ ਜੀ
ਥੱਲੇ ਲੱਗਣ ਨਾ ਚਾਅ ਦੇ ਵਿੱਚ ਪੈਰ ਜੀ
ਇੱਕ ਦਿਨ ਲਈ ਸਟੋਰ ਬੁੱਕ ਸਸਤਾ
ਨਗਰ,ਸ਼ਹਿਰ,ਬਸਤੀ ਹੋਵੇ।
ਕਾਸ਼! ਕਾਪੀ ਤੇ ਕਿਤਾਬ 31 ਮਾਰਚ ਨੂੰ
ਹਰ ਇੱਕ ਸਸਤੀ ਹੋਵੇ।

ਰੱਖੇ ਬੱਚਾ ਬੱਚਾ ਕੱਤੀ ਤਿੰਨ ਯਾਦ ਜੀ
ਪੈੱਨ,ਰਬੜਾ ਸਕੇਲ ਰੰਗ ਆਦਿ ਜੀ
ਸਾਰੇ ਸਾਲ ਦੇ ਬੰਡਲ ਬੰਨ੍ਹ ਕਾਪੀਆਂ ਦੇ
ਲਿਆਉਣ ਵਿੱਚ ਮਸਤੀ ਹੋਵੇ।
ਕਾਸ਼! ਕਾਪੀ ਤੇ ਕਿਤਾਬ 31 ਮਾਰਚ ਨੂੰ
ਹਰ ਇੱਕ ਸਸਤੀ ਹੋਵੇ।

ਹੋਜੇ ਸੱਚ ਜੇ ਇਹ ਭੱਟੀ ਗੱਲਬਾਤ ਜੀ
ਬਹੁਤ ਮਾਪਿਆਂ ਨੂੰ ਮਿਲ਼ ਜਾਵੇ ਰਾਹਤ ਜੀ
ਫ਼ਿਰ ਖੁਸ਼ੀ ਖੁਸ਼ੀ ਬੱਚਿਆਂ ਨੂੰ ਪੜ੍ਹਾਉਣ ਦੀ
ਸਭ ਦੀ ਹੀ ਹਸਤੀ ਹੋਵੇ।
ਕਾਸ਼! ਕਾਪੀ ਤੇ ਕਿਤਾਬ 31 ਮਾਰਚ ਨੂੰ
ਹਰ ਇੱਕ ਸਸਤੀ ਹੋਵੇ।



-ਗੁਰਮੇਲ ਭੱਟੀ, ਕੌਰੇਆਣਾ 9876684438

## ਜਨਤਾ ਮਾਡਰਨ ਸਕੂਲ ਵਿਖੇ ਸਲਾਨਾ ਇਨਾਮ ਵੰਡ ਸਮਾਰੋਹ ਆਯੋਜਿਤ ਕੀਤਾ ਗਿਆ



**ਚੌਕ ਮਹਿਤਾ, 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਵਿਦਿਅਕ ਸੰਸਥਾ ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਦੀ ਸਰਸਤੀ ਹੇਠ ਸਲਾਨਾ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ । ਜਿਸ ਵਿੱਚ ਮੁੱਖ ਮਹਿਮਾਨ ਵਜੋਂ ਸ੍ਰੀਮਤੀ ਸੁਹਿੰਦਰ ਕੌਰ ਧਰਮਸੁਪਤਨੀ ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਅਤੇ ਸ੍ਰੀ ਸੰਦੀਪ ਵਡੇਰਾ ਪੁਲਿਸ ਕਪਤਾਨ ਬਟਾਲਾ ਹਾਜ਼ਰ ਹੋਏ । ਇਸ ਮੌਕੇ ਤੇ ਸ. ਕੁਲਵੰਤ ਸਿੰਘ ਰਿਟਾਇਰਡ ਡੀ.ਐੱਸ.ਪੀ., ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾਂ ਸਰਪੰਚ, ਪ੍ਰਧਾਨ ਸ੍ਰੀ ਅਮਰ ਰਾਵਤ ਅਤੇ ਇਲਾਕੇ ਦੀਆਂ ਨਾਮਵਰ ਸ਼ਖਸੀਅਤਾਂ ਹਾਜ਼ਰ ਸਨ । ਜਿਨਾਂ ਨੂੰ ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਨੇ ਜੀ ਆਇਆਂ ਆਖਿਆ। ਆਏ ਹੋਏ ਮਹਿਮਾਨਾਂ ਨੇ ਸਮੁੱਚੀਆਂ ਗਤੀਵਿਧੀਆਂ ਦੀ ਸਰਾਹਨਾ ਕਰਦਿਆਂ ਸਮੂਹ ਵਿਦਿਆਰਥੀਆਂ ਨੂੰ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।ਇਸ ਮੌਕੇ ਤੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ ਖ਼ੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ ਹਾਜ਼ਰ ਸਨ। ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ ਨੇ ਆਈਆਂ ਹੋਈਆਂ ਸ਼ਖਸ਼ੀਅਤਾਂ ਦਾ ਧੰਨਵਾਦ ਕਰਦਿਆਂ ਸਮੂਹ ਸਟਾਫ, ਵਿਦਿਆਰਥੀਆਂ ਅਤੇ ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।

## ਏਆਈਜੀ ਤੇ ਕੌਮਾਂਤਰੀ ਬਾਸਕਿਟਬਾਲ ਖਿਡਾਰੀ ਭੰਡਾਲ ਨੂੰ ਸਦਮਾ ਪਿਤਾ ਦਾ ਦੇਹਾਂਤ

**ਚੌਕ ਮਹਿਤਾ 30 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰੂ ਨਗਰੀ ਵਿਖੇ ਬਤੌਰ ਏਆਈਜੀ ਇੰਟੈਲੀਜੈਂਸ ਤੈਨਾਤ ਤੇ ਕੌਮਾਂਤਰੀ ਬਾਸਕਿਟਬਾਲ ਖਿਡਾਰੀ ਅਤੇ ਅਰਜੁਨ ਐਵਾਰਡੀ ਪਰਮਿੰਦਰ ਸਿੰਘ ਭੰਡਾਲ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦੋਂ ਉਨ੍ਹਾਂ ਦੇ ਪਿਤਾ ਗੁਰਮੀਤ ਸਿੰਘ ਭੰਡਾਲ (ਸੂਬੇਦਾਰ) ਇਸ ਫਾਨੀ ਸੰਸਾਰ ਤੋਂ ਕੂਚ ਕਰ ਗਏ। ਜਿਸ ਨਾਲ ਪਰਿਵਾਰ ਅਤੇ ਪੁਲਿਸ ਵਿਭਾਗ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਏਆਈਜੀ ਪਰਮਿੰਦਰ ਸਿੰਘ ਭੰਡਾਲ ਦੇ ਪੀੜਤ ਪਰਿਵਾਰ ਦੇ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਪੰਜਾਬ ਦੀ ਨਾਮਵਰ ਖੇਡ ਸੰਸਥਾ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਦੇ ਮੁੱਖ ਸਰਪ੍ਰਸਤ ਸ਼੍ਰੀ ਰਾਜੇਸ਼ ਸ਼ਰਮਾ (ਪੀਸੀਐਸ), ਚੇਅਰਮੈਨ ਹਰਦੇਸ਼ ਸ਼ਰਮਾ, ਵਾਇਸ ਚੇਅਰਮੈਨ ਮੱਖਤੂਲ ਸਿੰਘ ਔਲਖ, ਪ੍ਰਧਾਨ ਗੁਰਿੰਦਰ ਸਿੰਘ ਮੱਟੂ (ਪ੍ਰਸਿੱਧ ਖੇਡ ਪ੍ਰੋਮੋਟਰ ਅਤੇ ਸਮਾਜ ਸੇਵਕ), ਮੈਂਬਰ ਮਨਪ੍ਰੀਤ ਕੌਰ, ਪ੍ਰਿੰਸੀਪਲ ਰਾਜੇਸ਼ ਪ੍ਰਭਾਕਰ, ਪੰਜਾਬ ਸਟੇਟ ਮਾਸਟਰਜ਼ ਵੈਟਰਨਜ਼ ਪਲੇਅਰਜ਼ ਟੀਮ ਦੇ ਸੰਸਥਾਪਕ ਤੇ ਆਰਗੇਨਾਈਜਿੰਗ ਸੈਕਟਰੀ ਜੀਐਸ ਸੰਧੂ, ਚੀਫ ਪੈਟਰਨ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫਾਰਮਾਸਿਊਟੀਕਲ ਵਿਭਾਗ ਦੇ ਸਾਬਕਾ ਮੁੱਖੀ, ਸੀਨੀਅਰ ਪ੍ਰੋਫੈਸਰ ਡਾਇਰੈਕਟਰ ਪ੍ਰੀਤ ਮਹਿੰਦਰ ਸਿੰਘ ਬੇਦੀ, ਪੈਟਰਨ ਤੇ ਐਸਜੀਆਰਡੀ ਇੰਸਟੀਚਿਊਟਸ ਪੰਧੇਰ ਦੇ ਐਮਡੀ ਕਮ ਪ੍ਰਿੰਸੀਪਲ ਹਰਜਿੰਦਰਪਾਲ ਕੌਰ ਕੰਗ, ਪ੍ਰਚਾਰ ਸਕੱਤਰ ਅਵਤਾਰ ਸਿੰਘ, ਹੌਲੀ ਸਿਟੀ ਵੂਮੈਨ ਵੈਲਫੇਅਰ ਸੁਸਾਇਟੀ, ਨਿਊ ਜੈਨਰੇਸ਼ਨ ਕਲੱਬ ਦੇ ਸਰਕਦਾ ਅਹੁੱਦੇਦਾਰਾਂ ਤੇ ਮੈਂਬਰਾਂ ਤੋਂ ਇਲਾਵਾ ਮਹਿਕਮਾ ਪੰਜਾਬ ਪੁਲਿਸ, ਸਮਾਜ ਸੇਵੀ, ਖੇਡ ਸ਼ਖਸ਼ੀਅਤਾਂ ਤੇ ਧਾਰਮਿਕ ਸੰਗਠਨਾ ਦੇ ਸਰਕਦਾ ਅਹੁੱਦੇਦਾਰਾਂ ਤੇ ਮੈਂਬਰਾਂ ਦੇ ਨਾਮ ਸ਼ਾਮਲ ਹਨ। ਸਵ ਗੁਰਮੀਤ ਸਿੰਘ ਭੰਡਾਲ ਦਾ ਅੰਤਿਮ ਸਸਕਾਰ ਉਨ੍ਹਾਂ ਦੇ ਜੱਦੀ ਪਿੰਡ ਪੱਡਾ ਬੇਟ ਕਪੂਰਥਲਾ ਵਿਖੇ ਸ਼ਮਸ਼ਾਨ ਘਾਟ ਵਿਖੇ ਪੂਰੀਆਂ ਸਿੱਖ ਧਾਰਮਿਕ ਰਸਮਾ-ਰਿਵਾਜਾਂ ਮੁਤਾਬਿਕ ਕੀਤਾ ਗਿਆ। ਉਨ੍ਹਾਂ ਦੇ ਮ੍ਰਿਤਕ ਸ਼ਰੀਰ ਨੂੰ ਮੁੱਖ ਅਗਨੀ ਵੱਡੇ ਬੇਟੇ ਵੱਲੋਂ ਦਿੱਤੀ ਗਈ। ਪਰਿਵਾਰਿਕ ਸੂਤਰਾਂ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ ਸਵ ਗੁਰਮੀਤ ਸਿੰਘ ਭੰਡਾਲ ਦੀ ਆਤਮਿਕ ਸ਼ਾਂਤੀ ਨਮਿਤ ਸ਼ਬਦ ਗੁਰੂ ਸ੍ਰੀ ਗੁਰੂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ 4 ਅਪ੍ਰੈਲ ਦਿਨ ਸ਼ਨੀਵਾਰ ਨੂੰ ਉਨ੍ਹਾਂ ਦੇ ਜੱਦੀ ਗ੍ਰਹਿ ਵਿਖੇ ਪਾਉਣ ਉਪਰੰਤ ਅੰਤਿਮ ਅਰਦਾਸ ਤੇ ਕੀਰਤਨ ਦੁਪਹਿਰ 12 ਤੋਂ 1 ਵਜੇ ਤੱਕ ਗੁਰਦੁਆਰਾ ਧੰਨ ਧੰਨ ਬਾਬਾ ਸਾਹਿਬ ਦੱਤਾ ਜੀ ਵਿਖੇ ਹੋਵੇਗਾ। ਉਪਰੰਤ ਸ਼ਰਧਾਂਜਲੀ ਸਮਾਗਮ ਦੇ ਦੌਰਾਨ ਸਵ8 ਗੁਰਮੀਤ ਸਿੰਘ ਭੰਡਾਲ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਣਗੇ।



### ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਵਿਖੇ

# ਮਹਾਨ ਨਗਰ ਕੀਰਤਨ ਸਜਾਇਆ





**ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਵਿਖੇ ਮਹਾਨ ਨਗਰ ਕੀਰਤਨ ਸਜਾਇਆ ਗਿਆ। ਇਹ ਮਹਾਨ ਨਗਰ ਕੀਰਤਨ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਅਤੇ ਪੰਜ ਨਿਸ਼ਾਨਚੀ ਗੁਰੂ ਮਹਾਰਾਜ ਜੀ ਦੇ ਝੂਲਦੇ ਨਿਸ਼ਾਨ ਹੇਠ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਅਤੇ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਦੀ ਦੇਖ—ਰੇਖ ਹੇਠ ਚੱਲਿਆ, ਜੋ ਕਿ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਤੋਂ 8 ਵਜੇ ਆਰੰਭ ਹੋ ਕੇ ਭਜਨ ਮਾਜਰਾ, ਕਲਸਾਵਾ, ਮਾਮੂ ਮਾਜਰਾ, ਕਲਸਾਵੀ ਚੌਂਕ, ਨਗਲਾ, ਸਜਾਦਪੁਰ ਪੱਟੀ, ਜਨਪੁਰ, ਬੋਰੀਪੁਰ ਚੌਂਕ, ਮੱਦੀਪੁਰ ਜਿਥੇ ਪਿੰਡ ਵਾਸੀਆਂ ਨੇ ਨਗਰ ਕੀਰਤਨ ਵਿਚ ਸ਼ਾਮਲ ਸੰਗਤਾਂ ਨੂੰ ਲੰਗਰ ਛਕਾਇਆ ਤੋਂ ਸੈਦਪੁਰ, ਭੁਕਰ ਮਾਜਰਾ, ਗੋਲਪੁਰਾ, ਸੁਲਖਣੀ, ਨਲਵੀ, ਮਦੂਦਾ, ਝਰੋਲੀ ਕਲਾਂ ਤੋਂ ਗੁਰਬਚਨ ਸਿੰਘ ਡੇਰੇ ਤੋਂ ਹੁੰਦਾ ਹੋਇਆ ਰਾਏ ਮਾਜਰਾ ਤੋਂ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਵਿਖੇ ਸਮਾਪਤੀ ਦੀ ਅਰਦਾਸ ਹੋਈ। ਇਸ ਮੌਕੇ ਤੇ ਪਿੰਡਾਂ ਦੀਆਂ ਸੰਗਤਾਂ ਵੱਲੋਂ ਚਾਹ ਦੀ ਸੇਵਾ, ਫਰੂਟ ਦੀ ਸੇਵਾ, ਪਕੌੜਿਆਂ ਦੀ ਸੇਵਾ, ਮਿਠਾਈਆਂ ਦੀ ਸੇਵਾ ਤੋਂ ਇਲਾਵਾ ਅਨੇਕਾਂ ਪ੍ਰਕਾਰ ਦੀ ਸੇਵਾ ਕੀਤੀ ਗਈ। ਇਸ ਨਗਰ ਕੀਰਤਨ ਵਿਚ ਸਾਰਾ ਦਿਨ ਰਾਗੀ ਜਥਿਆਂ ਵੱਲੋਂ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਬਾਬਾ ਨੰਦ ਸਿੰਘ ਗੱਤਕਾ ਪਾਰਟੀ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਪਾਰਟੀ ਵੱਲੋਂ ਗੱਤਕੇ ਦੇ ਜ਼ੌਹਰ ਵਿਖਾਏ ਗਏ, ਜਿਸ ਨੂੰ ਵੇਖ ਕੇ ਸੰਗਤਾਂ ਵਾਹ—ਵਾਹ ਕਰ ਉੱਠੀਆਂ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਅਤੇ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਮਹਾਨ ਨਗਰ ਕੀਰਤਨ ਵਿਚ ਆਪਣੇ—ਆਪਣੇ ਵਹੀਕਲ ਲੈ ਕੇ ਸ਼ਾਮਲ ਹੋਣ ਤੇ ਧੰਨਵਾਦ ਕੀਤਾ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਮੂਹ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਇਕ ਅਪ੍ਰੈਲ ਦਿਨ ਬੁੱਧਵਾਰ ਨੂੰ ਸਲਾਨਾ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਠਾਠ ਨਾਨਕਸਰ ਝਰੋਲੀ ਖੁਰਦ ਸ਼ਾਹਬਾਦ ਮਾਰਕੰਡਾ ਹਰਿਆਣਾ ਵਿਖੇ ਸ਼ਾਮਲ ਹੋ ਕੇ ਆਏ ਹੋਏ ਮਹਾਂਪੁਰਖਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ।

### ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ

# ਪ੍ਰਦੀਪ ਧਵਨ ਸਰਬ ਸੰਮਤੀ ਨਾਲ ਸਾਲ 2026-27 ਲਈ ਫਿਰ ਬਣੇ ਪ੍ਰਧਾਨ

**ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :—** ਫ਼ਿਰੋਜ਼ਪੁਰ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਅਹਿਮ ਮੀਟਿੰਗ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖ਼ੇ ਸ਼੍ਰੀ ਪਰਦੀਪ ਧਵਨ ਪ੍ਰਧਾਨ ਦੀ ਰਹਿਨੁਮਾਈ ਹੇਠ ਹੋਈ। ਇਸ ਦੌਰਾਨ ਵੱਡੀ ਗਿਣਤੀ ਵਿੱਚ ਫ਼ੋਰਮ ਦੇ ਮੈਂਬਰ ਸ਼ਾਮਿਲ ਹੋਏ। ਇਸ ਕਮੇਟੀ ਦੇ ਇਕ ਸਾਲ ਪੂਰਾ ਹੋਣ ਤੇ ਜਨਰਲ ਸਕੱਤਰ ਸ੍ਰੀ ਮੋਹਿੰਦਰ ਸਿੰਘ ਧਾਲੀਵਾਲ ਨੇ ਸਾਰੇ ਸਾਲ ਦੀ ਕਾਰਗੁਜਾਰੀ ਸਬੰਧੀ ਰਿਪੋਰਟ ਪੇਸ਼ ਕੀਤੀ। ਇਸ ਰਿਪੋਰਟ ਨੂੰ ਸਾਰੇ ਹਾਜਰ ਮੈਂਬਰਾਨ ਸਾਹਿਬਾਨ ਨੇ ਬਹੁਤ ਧਿਆਨ ਨਾਲ ਸੁਣਿਆ ਅਤੇ ਹੱਥ ਖੜ੍ਹੇ ਕਰਕੇ ਪ੍ਰਵਾਨ ਕੀਤਾ। ਇਸ ਮੀਟਿੰਗ ਵਿੱਚ ਅਮਨਦੀਪ ਹਸਪਤਾਲ ਫਿਰੋਜਪੁਰ ਦੇ ਡਾਕਟਰ ਚੇਤਨ ਕੁਮਾਰ ਨੇ ਬਿਮਾਰੀਆਂ ਵੱਧਣ ਦੇ ਕਾਰਨ ਸਮੇਂ ਸਿਰ ਸਰੀਰ ਦੀ ਚੈਕਅਪ, ਖਾਣ ਪੀਣ ਦਾ ਧਿਆਨ, ਸੈਰ ਕਰਨ ਅਤੇ ਯੋਗਾ ਕਰਨ ਤੇ ਜ਼ੋਰ ਦਿੱਤਾ। ਇਸ ਸਮੇਂ ਫੋਰਮ ਦੇ ਮੈਂਬਰ ਸਾਹਿਬਾਨ ਵੱਲੋਂ ਕੀਤੇ ਸਵਾਲਾਂ ਦੇ ਜਵਾਬ ਡਾਕਟਰ ਚੇਤਨ ਕੁਮਾਰ ਨੇ ਬੜੇ ਪ੍ਰਭਾਵਸ਼ਾਲੀ ਢੰਗ ਨਾਲ ਦਿੱਤੇ। ਇਸ ਮੌਕੇ ਮਹੀਨਾ ਨਵੰਬਰ, ਦਸੰਬਰ2025, ਜਨਵਰੀ, ਫਰਵਰੀ ਅਤੇ ਮਾਰਚ 2026 ਦੇ ਜਨਮ ਦਿਵਸ ਵਾਲ਼ੇ ਮੈਂਬਰ ਸਾਹਿਬਾਨ ਨੂੰ ਗਿਫ਼ਟ ਦਿੱਤੇ ਗਏ। ਇਸ ਮੌਕੇ ਸ਼੍ਰੀ ਮਦਨ ਲਾਲ ਤਿਵਾੜੀ, ਸ਼ਿਵ ਦਰਸ਼ਨ ਕੁਮਾਰ, ਪਰੇਮ ਨਾਥ ਰਸੀਆ, ਡਾਕਟਰ ਸੁਰਿੰਦਰ ਸਿੰਘ, ਐਸ.ਪੀ ਖੇੜਾ ਚੇਅਰਮੈਨ ਆਦਿ ਨੇ ਸੰਬੋਧਨ ਕੀਤਾ ਅਤੇ ਗੀਤ ਸੰਗੀਤ ਨਾਲ ਮਨੋਰੰਜਨ ਕੀਤਾ। ਇਸ ਮੌਕੇ ਪ੍ਰਧਾਨ ਪਰਦੀਪ ਧਵਨ ਨੇ ਆਏ ਮਹਿਮਾਨਾਂ ਦਾ ਸੁਆਗਤ ਕੀਤਾ ਅਤੇ ਸਵਾਲਾਂ ਦੇ ਜਵਾਬ ਦਿੱਤੇ। ਇਸ ਮੌਕੇ ਸਾਲ 2026—27 ਲਈ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਚੋਣ ਲਈ ਸ਼੍ਰੀ ਐਸ.ਪੀ ਖੇੜਾ ਚੇਅਰਮੈਨ ਵੱਲੋਂ ਪ੍ਰਧਾਨਗੀ ਲਈ ਪਰਦੀਪ ਧਵਨ ਦਾ ਨਾਮ ਪ੍ਰਪੋਜ਼ ਕੀਤਾ ਜਿਸ ਨੂੰ ਸਾਰੇ ਹਾਜਰ ਮੈਂਬਰਾਨ ਨੇ ਤਾੜੀਆਂ ਨਾਲ ਮਨਜ਼ੂਰੀ ਦਿੱਤੀ। ਬਾਕੀ ਕਾਰਜਕਾਰਨੀ ਚੁਣਨ ਦੇ ਅਧਿਕਾਰ ਪ੍ਰਧਾਨ ਪਰਦੀਪ ਧਵਨ ਨੂੰ ਦਿੱਤੇ ਗਏ ਜਿਸ ਦਾ ਐਲਾਨ ਸੀਨੀਅਰ ਸਾਥੀਆਂ ਦੀ ਰਾਏ ਨਾਲ਼ ਬਾਅਦ ਵਿੱਚ ਕੀਤਾ ਜਾਵੇਗਾ। ਅੰਤ ਵਿੱਚ ਬਿਮਾਰ ਮੈਂਬਰਾਨ ਦੀ ਤੰਦਰੁਸਤੀ ਲਈ ਅਰਦਾਸ ਕੀਤੀ ਗਈ ਅਤੇ ਸਾਰੇ ਹਾਜਰ ਮੈਂਬਰਾਨ ਦਾ ਸਰਬਸੰਮਤੀ ਨਾਲ ਚੋਣ ਲਈ ਧੰਨਵਾਦ ਕੀਤਾ ਗਿਆ।



# ਰੇਲਵੇ ਹਸਪਤਾਲ ਕੈਂਟ ਵਿੱਚ ਮੁਫ਼ਤ ਫਾਇਬ੍ਰੋਸਕੈਨ ਕੈਂਪ, ਸੈਂਕੜੇ ਲੋਕਾਂ ਨੇ ਲਿਆ ਫਾਇਦਾ



**ਫ਼ਿਰੋਜ਼ਪੁਰ, 30 ਮਾਰਚ (ਮਨੋਹਰ ਲਾਲ) :—** ਸਿਹਤ ਸੇਵਾਵਾਂ ਨੂੰ ਆਮ ਲੋਕਾਂ ਤੱਕ ਪਹੁੰਚਾਉਣ ਲਈ ਇਕ ਸ਼ਲਾਘਾਯੋਗ ਪਹਿਲ ਕਰਦਿਆਂ ਅਮਨਦੀਪ ਹਸਪਤਾਲ ਨੇ ਉਜਾਲਾ ਸਿਗਨਸ ਹੈਲਥਕੇਅਰ ਸਰਵਿਸਿਜ਼ ਦੇ ਸਹਿਯੋਗ ਨਾਲ ਰੇਲਵੇ ਹਸਪਤਾਲ ਫਿਰੋਜ਼ਪੁਰ ਛਾਵਨੀ ਵਿੱਚ 28 ਮਾਰਚ 2026 (ਸ਼ਨੀਵਾਰ) ਨੂੰ ਮੁਫ਼ਤ ਫਾਇਬ੍ਰੋਸਕੈਨ ਟੈਸਟ ਕੈਂਪ ਦਾ ਆਯੋਜਨ ਕੀਤਾ, ਜੋ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ ਚੱਲਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਲੋਕਾਂ ਨੇ ਹਿੱਸਾ ਲੈ ਆਪਣੇ ਜਿਗਰ ਦੀ ਜਾਂਚ ਕਰਵਾਈ। ਹਸਪਤਾਲ ਪ੍ਰਬੰਧਕਾਂ ਨੇ ਦੱਸਿਆ ਕਿ ਇਸ ਖਾਸ ਕੈਂਪ ਵਿੱਚ ਫਾਇਬ੍ਰੋਸਕੈਨ ਟੈਸਟ ਜਿਸ ਦੀ ਆਮ ਕੀਮਤ ਲਗਭਗ 4000 ਰੁਪਏ ਹੁੰਦੀ ਹੈ, ਪੂਰੀ ਤਰ੍ਹਾਂ ਮੁਫ਼ਤ ਕੀਤਾ ਗਿਆ। ਕੈਂਪ ਦਾ ਮੁੱਖ ਮਕਸਦ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਦੀ ਸ਼ੁਰੂਆਤੀ ਪਛਾਣ ਕਰਨਾ ਅਤੇ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ।

ਫਾਇਬ੍ਰੋਸਕੈਨ ਇੱਕ ਆਧੁਨਿਕ ਸੁਰੱਖਿਅਤ ਅਤੇ ਬਿਨਾਂ ਦਰਦ ਵਾਲੀ ਜਾਂਚ ਪ੍ਰਕਿਰਿਆ ਹੈ, ਜਿਸ ਰਾਹੀਂ ਜਿਗਰ ਦੀ ਸਥਿਤੀ ਦਾ ਅੰਕਲਨ ਕੀਤਾ ਜਾਂਦਾ ਹੈ। ਇਹ ਟੈਸਟ ਖਾਸ ਕਰਕੇ ਫੈਟੀ ਲਿਵਰ ਵਰਗੀਆਂ ਸਮੱਸਿਆਵਾਂ ਨੂੰ ਸ਼ੁਰੂਆਤੀ ਪੜਾਅ ਵਿੱਚ ਪਛਾਨਣ ਵਿੱਚ ਮਦਦਗਾਰ ਸਾਬਤ ਹੁੰਦਾ ਹੈ। ਇਸ ਮੌਕੇ 'ਤੇ ਅਮਨਦੀਪ ਹਸਪਤਾਲ ਦੀ ਡਾਇਰੈਕਟਰ ਡਾ: ਅਮਨਦੀਪ ਕੌਰ ਨੇ ਕਿਹਾ ਕਿ ਸੰਸਥਾ ਦਾ ਧਿਆਨ ਹਮੇਸ਼ਾਂ ਨਿਵਾਰਕ ਸਿਹਤ ਸੇਵਾਵਾਂ ਅਤੇ ਸਮੇਂ ਸਿਰ ਜਾਂਚ 'ਤੇ ਕੇਂਦਰਿਤ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੇ ਮੁਫ਼ਤ ਕੈਂਪਾਂ ਰਾਹੀਂ ਲੋਕਾਂ ਨੂੰ ਬਿਨਾਂ ਕਿਸੇ ਆਰਥਿਕ ਬੋਝ ਦੇ ਉੱਚ ਪੱਧਰੀ ਚਿਕਿਤਸਾ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦਾ ਉਦੇਸ਼ ਹੈ। ਗੌਰਤਲਬ ਹੈ ਕਿ ਅਮਨਦੀਪ ਸਮੂਹ ਅੱਜ ਇੱਕ ਮਜ਼ਬੂਤ ਸਿਹਤ ਸੇਵਾ ਨੈਟਵਰਕ ਵਜੋਂ ਸਥਾਪਿਤ ਹੋ ਚੁੱਕਾ ਹੈ। ਇਸ ਸਫਲ ਆਯੋਜਨ ਨੇ ਨਾ ਸਿਰਫ਼ ਲੋਕਾਂ ਨੂੰ ਬਿਹਤਰ ਸਿਹਤ ਜਾਂਚ ਦਾ ਮੌਕਾ ਦਿੱਤਾ, ਸਗੋਂ ਜਿਗਰ ਨਾਲ ਸੰਬੰਧਿਤ ਬਿਮਾਰੀਆਂ ਬਾਰੇ ਜਾਗਰੂਕਤਾ ਵਧਾਉਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਈ।

## ਸ੍ਰੀ ਆਨੰਦਪੁਰ ਸਾਹਿਬ ਵਿਖੇ ਪੰਜਾਬ ਸਰਕਾਰ ਵੱਲੋਂ ਸਪੈਸ਼ਲ ਵਿਧਾਨ ਸਭਾ ਲਗਾ ਕਿ ਬੇਅਦਬੀਆਂ ਤੇ ਸਖਤ ਕਾਨੂੰਨ ਬਣਾਉਣਾ ਵਧੀਆ ਗੱਲ ਪਰ ਇਸ ਕਾਨੂੰਨ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ-ਬਾਬਾ ਸੁੱਖਾ ਸਿੰਘ



**ਜੰਡਿਆਲਾ ਗੁਰੂ, 30 ਮਾਰਚ ( ਕੁਲਵੰਤ ਸਿੰਘ ਵਿਰਦੀ )**-ਪੰਜਾਬ ਵਿੱਚ ਲੰਮੇ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਹੋ ਰਹੀਆਂ ਬੇਅਦਬੀਆਂ ਦੀਆਂ ਘਟਨਾਵਾਂ ਬਹੁਤ ਚਿੰਤਾ ਦਾ ਵਿਸ਼ਾ ਹੈ ਇਨਾਂ ਗੱਲਾਂ ਦਾ ਪ੍ਰਗਟਾਵਾ ਕਰਦਿਆ ਹੋਇਆ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਗੁਰਦੁਆਰਾ ਜੋਤੀਸਰ ਸਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਅੱਗੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀਆਂ ਦੇ ਦੋਸੀਆਂ ਨੂੰ ਸਖਤ ਸਜਾਵਾਂ ਦਿੱਤੀਆਂ ਜਾਣ ਦੇ ਲਈ ਸਮਾਣਾ ਵਿਖੇ ਟਾਵਰ ਦੇ ਚੜ੍ਹੇ ਸਿੱਖ ਦਰਦੀ ਭਾਈ ਗੁਰਜੀਤ ਸਿੰਘ ਖਾਲਸਾ ਨੂੰ ਕਰੀਬ ਡੇਢ ਸਾਲ ਤੋਂ ਉੱਪਰ ਦਾ ਸਮਾਂ ਹੋ ਚੁੱਕਾ ਹੈ ਅਤੇ ਇਸ ਅੰਦੋਲਨ ਦੀ ਰੂਪਰੇਖਾ ਨੂੰ ਤੇਜ ਕਰਨ ਲਈ ਸਾਂਤੀ ਪਸੰਦ ਸਿੱਖ ਕੌਮ ਦੇ ਸੈਂਕੜੇ ਸਿੰਘਾਂ ਵੱਲੋਂ ਪੱਕਾ ਧਰਨਾ ਲਗਾ ਕਿ ਧਰਮ ਗ੍ਰੰਥਾਂ ਦੀਆਂ ਬੇਅਦਬੀਆਂ ਉਪਰ ਸਖਤ ਕਾਨੂੰਨ ਬਣਾਉਣ ਦੀ ਮੰਗ ਕੀਤੀ ਜਾ ਰਹੀ ਹੈ ਅਤੇ ਇਸ ਗੰਭੀਰ ਮਸਲੇ ਤੇ ਸਖਤ ਕਾਨੂੰਨ ਬਣਾਉਣ ਲਈ ਪੰਜਾਬ ਸਰਕਾਰ ਵੱਲੋਂ 13 ਅਪ੍ਰੈਲ ਨੂੰ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਪੈਸ਼ਲ ਵਿਧਾਨ ਸਭਾ ਸੈਸ਼ਨ ਬੁਲਾਇਆ ਗਿਆ ਹੈ ਜਿਸ ਉੱਪਰ ਪੰਜਾਬ ਭਰ ਤੋਂ ਲੈ ਕੇ ਵਿਦੇਸਾਂ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਦੀਆਂ ਨਜਰਾਂ 13 ਅਪ੍ਰੈਲ ਵਾਲੇ ਦਿਨ ਸਰਕਾਰ ਦੇ ਵੱਡੇ ਫੈਸਲੇ ਦੀ ਉਡੀਕ ਕਰ ਰਹੀਆਂ ਹਨ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆ ਹੋਇਆ ਕਿਹਾ ਕਿ 13 ਅਪ੍ਰੈਲ ਦਾ ਦਿਨ ਸਿੱਖ ਕੌਮ ਲਈ ਬਹੁਤ ਵੱਡਾ ਇਤਿਹਾਸਕ ਦਿਨ ਹੈ ਅਤੇ ਇਸ ਸਮੇਂ ਦੀ ਪੰਜਾਬ ਸਰਕਾਰ ਵੱਲੋਂ 13 ਅਪ੍ਰੈਲ ਨੂੰ ਇਤਿਹਾਸਕ ਫੈਸਲੇ ਲਏ ਜਾਣਦੀ ਉਮੀਦ ਹੈ ਪਰ ਇਸ ਦਿਨ ਦੇ ਲਏ ਗਏ ਫੈਸਲੇ ਨੂੰ ਸਖਤੀ ਨਾਲ ਲਾਗੂ ਕੀਤਾ ਜਾਵੇ ਤਾਂ ਜੋ ਲੰਮੇ ਸਮੇਂ ਤੋਂ ਸਿੱਖਾਂ ਨੂੰ ਮਿਲ ਰਹੇ ਜਖਮਾਂ ਉਪਰ ਲਏ ਗਏ ਫੈਸਲੇ ਮਲਮ ਦਾ ਕੰਮ ਕਰਨ ਅਤੇ ਦੋਖੀਆਂ ਨੂੰ ਸਖਤ ਤੋਂ ਸਖਤ ਸਜਾਵਾਂ ਦਿੱਤੀਆਂ ਜਾਣ ! ਤਾਂ ਜੋ ਆਉਣ ਵਾਲੇ ਸਮੇਂ ਵਿੱਚ ਕਿਸੇ ਵੀ ਧਰਮ ਗ੍ਰੰਥ ਦੀ ਬੇਅਦਬੀ ਕਰਨ ਦੀ ਕਿਸੇ ਦੀ ਹਿੰਮਤ ਨੇ ਪਵੇ!

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ : +447458381111 +447976210161 +919729091243

### ਇੰਨਸਬਰੁੱਕ ਦੀ ਧਰਤੀ 'ਤੇ

# ਖਾਲਸਾ ਸਾਜਨਾ ਦਿਵਸ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ

## ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਜੱਥੇਦਾਰ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਸਿੰਘ ਵਾਲਿਆਂ ਨੇ ਸ਼ਿਰਕਤ ਸਿੰਘ














2026 ਨੂੰ ਆਸਟਰੀਆ ਯੂਰਪ ਦੇ ਛੋਟੇ ਜਿਹੇ ਸ਼ਹਿਰ ਵਿੱਚ ਵਿਸਾਖੀ ਅਤੇ ਖਾਲਸਾ ਸਾਜਨਾ ਦਿਵਸ ਦੇ ਸੰਬੰਧ ਵਿੱਚ ਆਸਟਰੀਆ ਇਟਲੀ ਅਤੇ ਜਰਮਨੀ ਦੀਆਂ ਸੰਗਤਾਂ ਵਲੋਂ ਰਲ ਮਿਲ ਕੇ ਗੁਰਮਤਿ ਸਮਾਗਮ ਕਰਵਾਇਆ ਗਿਆ । ਇਸ ਗੁਰਮਤਿ ਸਮਾਗਮ ਵਿੱਚ ਪਹਿਲਾਂ ਸੁਖਮਨੀ ਸਾਹਿਬ ਜੀ ਦੀ ਪਵਿੱਤਰ ਬਾਣੀ ਦਾ ਜਾਪ ਕੀਤਾ ਗਿਆ ਬਾਅਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਅਸਟਰੀਆ ਯੂਰਪ ਦੇ ਪ੍ਰਧਾਨ ਬਾਬਾ ਨਛੱਤਰ ਸਿੰਘ ਜੀ ਭੈਣੀ ਮੱਸਾ ਵਾਲਿਆਂ ਨੇ ਕਥਾ ਵਿਚਾਰਾਂ ਦੁਆਰਾ ਖਾਲਸਾ ਸਾਜਨਾ ਦਿਵਸ ਦੇ ਇਤਿਹਾਸ ਵਾਰੇ ਸੰਗਤਾਂ ਬਹੁਤ ਹੀ ਵਿਸਥਾਰਪੂਰਵਕ ਚਾਨਣਾ ਪਾਇਆ । ਬਾਅਦ ਵਿੱਚ ਬਹੁਤ ਹੀ ਸਤਿਕਾਰਯੋਗ ਵੀਰ ਸੁਖਜਿੰਦਰ ਸਿੰਘ ਸੁੱਖਾ ਸਾਲਜਬਰਗ ਸ਼ਹਿਰ ਵਾਲਿਆਂ ਨੇ ਦੋ ਕਵਿਤਾਵਾਂ ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ ਉਪਰੰਤ ਕਵੀਸ਼ਰੀ ਜਥਾ ਭਾਈ ਸਾਹਿਬ ਜੀ ਸਰਬਜੀਤ ਸਿੰਘ ਮਾਣਕਪੁਰੀ ਰੋਮਾ ਸ਼ਹਿਰ ਵਾਲਿਆਂ ਭਾਈ ਹਰਪਾਲ ਸਿੰਘ ਜੀ ਹੀਰਾ ਵਿਆਨਾ ਵਾਲਿਆਂ ਨੇ ਕਵੀਸ਼ਰੀ ਵਾਰਾਂ ਰਾਹੀਂ ਗੁਰੂ ਕੀਆਂ ਸੰਗਤਾਂ ਨੂੰ ਨਿਹਾਲ ਕੀਤਾ ਅਤੇ ਭਾਈ ਸਰਬਜੀਤ ਸਿੰਘ ਜੀ ਮਾਣਕਪੁਰੀ ਨੇ ਸਭ ਸੰਗਤਾਂ ਨੂੰ ਖੰਡੇ ਬਾਟੇ ਕੀ ਪਾਹੁਲ ਛਕਣ ਅਤੇ ਵੱਧ ਤੋਂ ਵੱਧ ਗੁਰਬਾਣੀ ਪੜ੍ਹਨ ਅਤੇ ਨਾਮ ਸਿਮਰਨ ਅਭਿਆਸ ਕਰਨ ਲਈ ਵੀ ਪ੍ਰੇਰਿਤ ਕੀਤਾ । ਭਾਈ ਵਰਿੰਦਰ ਸਿੰਘ ਜੌਹਲ ਜਵੰਧਪੁਰ ਸਾਬਕਾ ਪ੍ਰਧਾਨ ਗਰਾਸ ਸ਼ਹਿਰ ਵਾਲਿਆਂ ਨੇ ਸਟੇਜ ਸੈਕਟਰੀ ਦੀ ਸੇਵਾ ਨਿਭਾਈ । ਇੰਸਬਰੁੱਕ ਸ਼ਹਿਰ ਵਿੱਚ ਸਿੱਖ ਸੰਗਤਾਂ ਘੱਟ ਹੋਣ ਕਰਕੇ ਹਾਲੇ ਏਥੇ ਗੁਰਦੁਆਰਾ ਸਾਹਿਬ ਜੀ ਨਹੀਂ ਬਣੇ ਹਨ ਪਰ ਫੇਰ ਵੀ ਸੰਗਤਾਂ ਵਲੋਂ ਰਲ ਮਿਲ ਕੇ ਇੱਕ ਹਾਲ ਕਿਰਾਏ ਉੱਤੇ ਲੈ ਕੇ ਹਰ ਸਾਲ ਦੇ ਸਮਾਗਮ ਗੁਰੂ ਨਾਨਕ ਦੇਵ ਜੀ ਦਾ ਆਗਮਨ ਪੁਰਬ ਅਤੇ ਖਾਲਸਾ ਸਾਜਨਾ ਦਿਵਸ ਹਰ ਸਾਲ ਮਨਾਇਆ ਜਾਂਦਾ ਹੈ । ਇਸ ਸਮਾਗਮ ਵਿੱਚ ਹਾਜ਼ਰੀ ਭਰੀ ਸਮੂਹ ਪ੍ਰਬੰਧਕ ਕਮੇਟੀ ਮੈਂਬਰ ਭਾਈ ਹਰਪ੍ਰੀਤ ਸਿੰਘ ਪੰਮਾ ਮੁੱਖ ਸੇਵਾਦਾਰ ਅਤੇ ਖਜ਼ਾਨਚੀ, ਭਾਈ ਪ੍ਰਸ਼ਨ ਸਿੰਘ ਜੀ ਸੰਧੂ ਵਾਈਸ ਪ੍ਰਧਾਨ , ਭਾਈ ਗੁਰਪ੍ਰੀਤ ਸਿੰਘ ਗੋਪੀ ਪਿੰਡ ਨਾਗੋਕੇ ਸੈਕਟਰੀ , ਭਾਈ ਰਜਿੰਦਰ ਸਿੰਘ ਜੀ ਵਾਈਸ ਸੈਕਟਰੀ , ਭਾਈ ਅਮਨਦੀਪ ਸਿੰਘ ਇਟਲੀ ਵਾਈਸ ਖਜ਼ਾਨਚੀ, ਭਾਈ ਤਰਨਜੀਤ ਸਿੰਘ ਜੀ ਜਰਮਨੀ ਵਾਈਸ ਖਜ਼ਾਨਚੀ, ਭਾਈ ਜਤਿੰਦਰ ਸਿੰਘ ਜੀ ਪਿੰਡ ਨੌਲੀ ਜਰਮਨੀ, ਭਾਈ ਸਤਨਾਮ ਸਿੰਘ ਜੀ ਗੁਰਦਾਸਪੁਰ ਇਟਲੀ , ਭਾਈ ਜਗਜੀਤ ਸਿੰਘ ਜੱਗੀ ਇਟਲੀ , ਭਾਈ ਦਵਿੰਦਰ ਸਿੰਘ ਰੰਧਾਵਾ ਤੇ ਭਾਈ ਜਗਰੂਪ ਸਿੰਘ ਰੰਧਾਵਾ ਇਟਲੀ , ਭਾਈ ਗੁਰਮੁੱਖ ਸਿੰਘ ਬੰਗਾ, ਭਾਈ ਹਰਮੇਲ ਸਿੰਘ ਪ੍ਰਧਾਨ ਗੁਰਦੁਆਰਾ ਸਾਹਿਬ ਸਾਲਜਬਰਗ ਸ਼ਹਿਰ, ਭਾਈ ਬਲਬੀਰ ਸਿੰਘ ਸਾਲਜਬਰਗ , ਭਾਈ ਦਲੀਪ ਕੁਮਾਰ ਸਾਲਜਬਰਗ ਸ਼ਹਿਰ , ਭਾਈ ਲੁਭਾਇਆ ਸਿੰਘ ਸਾਲਜਬਰਗ ਸ਼ਹਿਰ, ਭਾਈ ਸੁਰਜੀਤ ਸਿੰਘ ਕਾਹਲੋਂ ਪ੍ਰਧਾਨ ਗੁਰਦੁਆਰਾ ਸਾਹਿਬ ਗਰਾਸ ਸ਼ਹਿਰ, ਭਾਈ ਬਲਕਾਰ ਸਿੰਘ ਜੀ ਇਟਲੀ ,ਭਾਈ ਹਰਪ੍ਰੀਤ ਸਿੰਘ ਪੰਮਾ ਆਸਟਰੀਆ, ਜਰਮਨੀ ਦੇ ਸ਼ਹਿਰ ਮਿਊਂਨਚਨ ਤੋਂ ਇੱਕ ਪੂਰੀ ਬੱਸ ਭਰ ਕੇ ਸੰਗਤਾਂ ਦੀ ਪਹੁਚੀ । ਏਸ ਤਰ੍ਹਾਂ ਹੀ ਵੀ ਬਹੁਤ ਸੰਗਤਾਂ ਸ਼ਹਿਰ ਨਿਵਾਸੀ ਹਿੰਦੂ ਅਤੇ ਮੁਸਲਮਾਨ ਸੰਗਤਾਂ ਨੇ ਵੀ ਬੜੀ ਸ਼ਰਧਾ ਭਾਵਨਾ ਨਾਲ ਹਾਜ਼ਰੀ ਭਰੀ ਅਤੇ ਲੰਗਰ ਵਰਤਾਉਣ ਦੀਆਂ ਸੇਵਾਵਾਂ ਕੀਤੀਆਂ । ਬੀਬੀਆਂ ਅਤੇ ਬੱਚਿਆਂ ਨੇ ਵੀ ਬਹੁਤ ਸੇਵਾਵਾਂ ਕੀਤੀਆਂ । ਗੁਰੂ ਕੇ ਲੰਗਰ ਵੀ ਅਤੁੱਟ ਵਰਤਾਏ ਗਏ ਜਿਹਨਾਂ ਦੀ ਸਾਰੀ ਸੇਵਾ ਭਾਈ ਗੁਰਪ੍ਰੀਤ ਸਿੰਘ ਗੋਪੀ ਨਾਗੋਕੇ ਵਾਲਿਆਂ ਵਲੋਂ ਲਈ ਗਈ ਅਤੇ ਨਾਲ ਦੀ ਨਾਲ ਸਿੱਖ ਏਡ ਸੇਵਾ ਸੁਸਾਇਟੀ ਆਸਟਰੀਆ ਵਲੋਂ ਗੁਰਇਤਿਹਾਸ ਅਤੇ ਸਿੱਖਇਤਿਹਾਸ ਦੀਆਂ ਕਿਤਾਬਾਂ ਦਾ ਵੀ ਲੰਗਰ ਲਗਾਇਆ ਗਿਆ ।

**-ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ**

### ਪ੍ਰੋ. ਬਲਜਿੰਦਰ ਕੌਰ ਵੱਲੋਂ 'ਆਪ' ਸਰਕਾਰ ਦਾ ਰਿਪੋਰਟ ਕਾਰਡ ਪਿੰਡਾਂ ਵਿੱਚ ਕੀਤਾ ਪੇਸ਼

# ਪਿੰਡਾਂ ਦੀਆਂ ਸੁਣੀਆਂ ਮੁਸ਼ਕਲਾਂ






**ਤਲਵੰਡੀ ਸਾਬੋ, 30 ਮਾਰਚ (ਗੁਰਜੰਟ ਸਿੰਘ ਨਥੇਹਾ)**- ਹਲਕਾ ਤਲਵੰਡੀ ਸਾਬੋ ਦੀ ਵਿਧਾਇਕ ਅਤੇ ਚੀਫ਼ ਵਿਪ ਪ੍ਰੋ. ਬਲਜਿੰਦਰ ਕੌਰ ਵੱਲੋਂ 'ਆਮ ਆਦਮੀ ਪਾਰਟੀ' ਸਰਕਾਰ ਦੇ ਚਾਰ ਸਾਲਾਂ ਦੇ ਕਾਰਜਕਾਲ ਦਾ ਰਿਪੋਰਟ ਕਾਰਡ ਵੱਖ-ਵੱਖ ਪਿੰਡਾਂ ਗਾਟਵਾਲੀ, ਨਥੇਹਾ, ਕਲਾਲਵਾਲਾ ਅਤੇ ਕੌਰੇਆਣਾ ਵਿੱਚ ਜਾ ਕੇ ਲੋਕਾਂ ਸਾਹਮਣੇ ਪੇਸ਼ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਸਰਕਾਰ ਵੱਲੋਂ ਕੀਤੇ ਗਏ ਵਿਕਾਸੀ ਕੰਮਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਪ੍ਰੋ. ਬਲਜਿੰਦਰ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ 'ਆਪ' ਸਰਕਾਰ ਨੇ ਆਪਣੇ ਚੋਣ ਵਾਅਦਿਆਂ ਅਨੁਸਾਰ ਸਿੱਖਿਆ, ਸਿਹਤ, ਬਿਜਲੀ ਅਤੇ ਰੋਜ਼ਗਾਰ ਦੇ ਖੇਤਰਾਂ ਵਿੱਚ ਮਹੱਤਵਪੂਰਨ ਕਦਮ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਦਿੱਤੀਆਂ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਕਈ ਵਾਅਦੇ ਸਫਲਤਾਪੂਰਵਕ ਪੂਰੇ ਵੀ ਹੋ ਚੁੱਕੇ ਹਨ। ਉਨ੍ਹਾਂ ਨੇ ਪਿੰਡ ਵਾਸੀਆਂ ਨਾਲ ਖੁੱਲ੍ਹੀ ਚਰਚਾ ਕਰਦਿਆਂ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਹੀ ਅਧਿਕਾਰੀਆਂ ਨੂੰ ਹੱਲ ਕਰਨ ਲਈ ਨਿਰਦੇਸ਼ ਵੀ ਦਿੱਤੇ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸਰਕਾਰ ਲੋਕਾਂ ਦੇ ਵਿਸ਼ਵਾਸ 'ਤੇ ਖਰੀ ਉਤਰਣ ਲਈ ਵਚਨਬੱਧ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਵੱਡੇ ਵਿਕਾਸੀ ਕੰਮ ਕੀਤੇ ਜਾਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜਸਵਿੰਦਰ ਕੌਰ ਸਰਪੰਚ ਜਗਾ, ਹਰਜੀਤ ਸਿੰਘ ਸਰਾਂ, ਬਲਾਕ ਪ੍ਰਧਾਨ ਬਿੱਕਰ ਸਿੰਘ ਨਥੇਹਾ, ਬਲਾਕ ਪ੍ਰਧਾਨ ਪਹਿਲਾ ਰਣਜੀਤ ਕੌਰ ਨਥੇਹਾ, ਵਾਈਸ ਚੇਅਰਮੈਨ ਮਹਿਮਾ ਸਿੰਘ ਕੌਰੇਆਣਾ, ਰਾਜ ਰਾਣੀ ਸਰਪੰਚ ਨਥੇਹਾ, ਸੁਖਪਾਲ ਸਿੰਘ ਚਾਹਲ, ਜਗਵਿੰਦਰ ਸਿੰਘ ਭਾਗੀਵਾਂਦਰ, ਦੇਵਰਾਜ ਸਰਪੰਚ ਕਲਾਲਵਾਲਾ, ਗਮਦੂਰ ਸਿੰਘ ਸਰਪੰਚ ਕੌਰੇਆਣਾ ਅਤੇ ਪਾਰਟੀ ਵਰਕਰਾਂ ਅਤੇ ਇਲਾਕਾ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਾਈ ਅਤੇ ਸਰਕਾਰ ਦੇ ਕੰਮਾਂ 'ਤੇ ਸੰਤੁਸ਼ਟੀ ਪ੍ਰਗਟ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

### ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ, ਭਗਵੰਤ ਸਿੰਘ ਮਾਨ ਦੇ ਨਾਲ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ.

# ਪੰਜਾਬ ਸਰਕਾਰ ਨੇ ਲੋਕਾਂ ਦੇ ਹਿੱਤਾਂ ਲਈ ਕੀਤੇ ਗਏ ਹਰ ਇੱਕ ਵਾਅਦੇ ਨੂੰ ਕੀਤਾ ਪੂਰਾ



**ਜੰਡਿਆਲਾ ਗੁਰੂ, 30 ਮਾਰਚ ( ਕੁਲਵੰਤ ਸਿੰਘ ਵਿਰਦੀ )** - ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਅੱਜ ਪਿੰਡ ਫਤਿਹਪੁਰ ਰਾਜਪੂਤਾਂ ਖ਼ੁਰਦ ਅਤੇ ਗਿੱਲ ਪਿੰਡ (ਹਲਕਾ ਜੰਡਿਆਲਾ ਗੁਰੂ) ਵਿਖੇ ਪੰਜਾਬ ਸਰਕਾਰ ਦੇ ਚਾਰ ਸਾਲ ਪੂਰੇ ਹੋਣ 'ਤੇ ਪਿੰਡ ਵਿਖੇ ਲੋਕਾਂ ਨਾਲ ਸਿੱਧਾ ਸੰਵਾਦ ਕੀਤਾ ਅਤੇ ਸਰਕਾਰ ਵਲੋਂ ਕੀਤੇ ਗਏ ਵਿਕਾਸ ਕਾਰਜਾਂ ਅਤੇ ਚਾਰ ਸਾਲ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਹਲਕਾ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੇ ਇਤਿਹਾਸ ਵਿੱਚ ਇਹ ਪਹਿਲੀ ਵਾਰ ਹੋਇਆ ਹੈ ਕਿ ਕਿਸੇ ਸੂਬੇ ਨੇ ਆਪਣੇ ਵਾਸੀਆਂ ਲਈ 10 ਲੱਖ ਰੁਪਏ ਤੱਕ ਸਿਹਤ ਬੀਮਾ ਸ਼ੁਰੂ ਕੀਤਾ ਹੈ। ਉਨਾਂ ਕਿਹਾ ਕਿ ਆਮ ਤੌਰ ▾ਤੇ ਵੇਖਣ ਵਿੱਚ ਆਉਂਦਾ ਸੀ ਕਿ ਪਿਛਲੀਆਂ ਸਰਕਾਰਾਂ ਕੇਵਲ ਆਪਣੀ ਆਖਿਰੀ ਸਾਲ ਦੇ ਕੰਮ ਵਿੱਚ ਹੀ ਛੋਟੇ ਮੋਟੇ ਵਿਕਾਸ ਦੇ ਕੰਮ ਕਰਕੇ ਲੋਕਾਂ ਨੂੰ ਵਰਗਲਾ ਲੈਂਦੀਆਂ ਸਨ ਪਰ ਮਾਨ ਸਰਕਾਰ ਨੇ ਆਪਣੇ ਕਾਰਜਕਾਲ ਦੌਰਾਨ ਪਹਿਲੇ ਸਾਲ ਤੋਂ ਹੀ ਲੋਕਾਂ ਨਾਲ ਕੀਤੀਆਂ ਗਰੰਟੀਆਂ ਨੂੰ ਪੂਰਾ ਕਰਨਾ ਸ਼ੁਰੂ ਕਰ ਦਿੱਤਾ ਸੀ।ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੇ ਸ਼ਾਨਦਾਰ ਚਾਰ ਸਾਲ ਪੂਰੇ ਹੋਣ ਤੇ ਸ: ਹਰਭਜਨ ਸਿੰਘ ਈ.ਟੀ.ਓ. ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਨ੍ਹਾਂ ਚਾਰ ਸਾਲਾਂ ਦੌਰਾਨ ਸਿਹਤ, ਸਿੱਖਿਆ, ਰੁਜ਼ਗਾਰ ਉਦਯੋਗਿਕ ਵਿਕਾਸ, ਬੁਨਿਆਦੀ ਢਾਂਚੇ ਵਿੱਚ ਵੱਡੇ ਬਦਲਾਅ ਲਿਆਂਦੇ ਗਏ ਹਨ। ਉਨ੍ਹਾਂ ਕਿਹਾ ਕਿ ਸਿਹਤ ਦੇ ਖੇਤਰ ਵਿਚ ਕ੍ਰਾਂਤੀਕਾਰੀ ਬਦਲਾ ਲਿਆਂਦੇ ਹੋਏ ਸਿਹਤ ਬੀਮਾ ਯੋਜਨਾ ਸ਼ੁਰੂ ਕੀਤੀ ਗਈ, ਜਿਸ ਤਹਿਤ ਹਰ ਵਰਗ ਦੇ ਹਰੇਕ ਨਾਗਰਿਕ ਲਈ 10 ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਮਹਿਲਾਵਾਂ ਦੀ ਆਰਥਿਕ ਮਜਬੂਤੀ ਲਈ ਜਰਨਲ ਵਰਗ ਦੀਆਂ ਔਰਤਾਂ ਨੂੰ 1000 ਰੁਪਏ ਅਤੇ ਐਸ.ਸੀ ਵਰਗ ਦੀਆਂ ਔਰਤਾਂ ਲਈ 1500 ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ। ਸਿੱਖਿਆ ਦੇ ਖੇਤਰ ਵਿੱਚ ਕਰੋੜਾਂ ਰੁਪਏ ਖਰਚ ਕੇ ਵੱਡੇ ਸੁਧਾਰ ਕਰਦਿਆਂ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ ਅਤੇ ਪ੍ਰਾਈਵੇਟ ਸਕੂਲਾਂ ਦੀ ਤਰ੍ਹਾਂ ਸਰਕਾਰੀ ਸਕੂਲਾਂ ਵਿੱਚ ਵੀ ਸਾਰੀਆਂ ਸੁਵਿਧਾਵਾਂ ਉਪਲਬਧ ਕਰਵਾਈਆਂ ਗਈਆਂ ਹਨ। ਇਸ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਗਏ ਅਤੇ ਬਿਨਾਂ ਕਿਸੇ ਸਿਫਾਰਿਸ਼ ਦੇ ਨੌਕਰੀਆਂ ਦਿੱਤੀਆਂ ਗਈਆਂ ਹਨ।ਕਾਨੂੰਨ ਵਿਵਸਥਾ ਨੂੰ ਮਜਬੂਤ ਕਰਨ ਲਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਅਤੇ ਅਜਿਹਾ ਕਾਰੋਬਾਰ ਕਰਨ ਵਾਲਿਆਂ ਖਿਲਾਫ ਵੱਡੇ ਪੱਧਰ ਤੇ ਕਾਰਵਾਈਆਂ ਕੀਤੀਆਂ ਗਈਆਂ। ਉਨ੍ਹਾਂ ਦੱਸਿਆ ਕਿ ਕਰੋੜਾਂ ਰੁਪਏ ਖਰਚ ਕੇ ਸੜਕਾਂ ਦਾ ਨਵੀਨੀਕਰਨ, ਪੁੱਲਾਂ ਦੀ ਉਸਾਰੀ ਅਤੇ ਹੋਰ ਵੱਡੇ ਪ੍ਰੋਜੈਕਟਾਂ ਤੇ ਕੰਮ ਕਰਕੇ ਬੁਨਿਆਦੀ ਢਾਂਚੇ ਨੂੰ ਮਜਬੂਤ ਕੀਤਾ ਗਿਆ।ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਵੱਡੀ ਰਾਹਤ ਦੇਣ ਲਈ 90% ਘਰਾਂ ਦੇ ਬਿਜਲੀ ਦੇ ਬਿੱਲ ਜੀਰੋ ਆ ਰਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਜੇ ਨੀਅਤ ਸਾਫ ਹੋਵੇ ਤਾਂ ਘੱਟ ਸਮੇਂ ਵਿੱਚ ਵੀ ਵੱਡੇ ਬਦਲਾਅ ਲਿਆਂਦੇ ਜਾ ਸਕਦੇ ਹਨ। ਆਉਣ ਵਾਲੇ ਸਮੇਂ ਵਿੱਚ ਵੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਨੂੰ ਤਰੱਕੀ ਅਤੇ ਖੁਸ਼ਹਾਲੀ ਦੀ ਨਵੀਂ ਉਚਾਈਆਂ ਤੱਕ ਲਿਜਾਇਆ ਜਾਵੇਗਾ।ਇਸ ਮੌਕੇ ਬਲਾਕ ਪ੍ਰਧਾਨ/ਸਰਪੰਚ ਪਿੰਡ ਕਿਲ੍ਹਾ ਜੀਵਨ ਸਿੰਘ ਬਲਜਿੰਦਰ ਸਿੰਘ, ਸਰਪੰਚ ਮੰਗਲ ਸਿੰਘ, ਸਰਪੰਚ ਪਿੰਡ ਮੱਖਣਵਿੰਡੀ ਸ. ਸੁਖਵਿੰਦਰ ਸਿੰਘ (ਸੁੰਦਰ), ਸਰਪੰਚ ਪਿੰਡ ਫਤਿਹਪੁਰ ਰਾਜਪੂਤਾਂ ਖੁਰਦ, ਕੁਲਵਿੰਦਰ ਕੌਰ ਪਤਨੀ ਰਣਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਐਡਵੋਕੇਟ ਧਾਮੀ ਨੇ ਹਰਿਆਣਾ ਪੁਲਿਸ ਵੱਲੋਂ ਸ. ਰਘੁਜੀਤ ਸਿੰਘ ਵਿਰਕ ਸ. ਬਲਦੇਵ ਸਿੰਘ ਕਾਇਮਪੁਰ ਤੇ ਹੋਰਾਂ 'ਤੇ ਪਰਚਾ ਦਰਜ ਕਰਨ ਦੀ ਕੀਤੀ ਨਿੰਦਾ



**ਨਵੀਂ ਦਿੱਲੀ, 30 ਮਾਰਚ (ਮਨਪ੍ਰੀਤ ਸਿੰਘ ਖਾਲਸਾ)**:- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਹਰਿਆਣਾ ਪੁਲਿਸ ਵੱਲੋਂ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸ. ਰਘੁਜੀਤ ਸਿੰਘ ਵਿਰਕ, ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ ਸਮੇਤ ਹੋਰਾਂ ਤੇ ਪਰਚਾ ਦਰਜ ਕੀਤੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਪੁਲਿਸ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠ ਕਾਰਜਸ਼ੀਲ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਤੇ ਜ਼ਬਰੀ ਕਬਜ਼ਾ ਕਰਨ ਆਏ ਬਲਜੀਤ ਸਿੰਘ ਦਾਦੂਵਾਲ ਤੇ ਉਸ ਦੇ ਸਾਥੀਆਂ ਨੂੰ ਗ੍ਰਿਫਤਾਰ ਕਰਨ ਦੀ ਥਾਂ ਸੰਸਥਾ ਦੇ ਨੁਮਾਇੰਦਿਆਂ ਤੇ ਪਰਚਾ ਦਰਜ ਕਰਕੇ ਦੋਸੀਆਂ ਦੇ ਹੱਕ ਵਿੱਚ ਭੁਗਤ ਰਹੀ ਹੈ। ਉਨ੍ਹਾਂ ਕਿਹਾ ਕਿ ਇੰਜ ਲਗਦਾ ਹੈ ਕਿ ਸਰਕਾਰਾਂ ਅਜਿਹੇ ਲੋਕਾਂ ਦੀ ਧੱਕੇਸ਼ਾਹੀ ਰੋਕਣ ਦੀ ਥਾਂ ਮੂਕ ਸਹਿਮਤੀ ਦੇ ਰਹੀਆਂ ਹਨ।ਐਡਵੋਕੇਟ ਧਾਮੀ ਨੇ ਕਿਹਾ ਕਿ ਇਹ ਮੈਡੀਕਲ ਕਾਲਜ ਹਰਿਆਣਾ ਦੇ ਲੋਕਾਂ ਦੀ ਸਹੂਲਤ ਲਈ ਕਾਰਜਸ਼ੀਲ ਹੈ ਅਤੇ ਸ਼੍ਰੋਮਣੀ ਕਮੇਟੀ ਇਸ ਦੀ ਸਹਾਇਤਾ ਲਈ ਹਰ ਸਾਲ ਕਰੋੜਾਂ ਰੁਪਏ ਦਿੰਦੀ ਹੈ।ਉਨ੍ਹਾਂ ਹਰਿਆਣਾ ਸਰਕਾਰ ਨੂੰ ਆਖਿਆ ਕਿ ਸ਼੍ਰੋਮਣੀ ਕਮੇਟੀ ਦੇ ਅਹੁਦੇਦਾਰਾਂ ਤੇ ਕੀਤੀ ਐਫ ਆਈ ਆਰ ਤੁਰੰਤ ਰੱਦ ਕੀਤੀ ਜਾਵੇ ਅਤੇ ਜਬਰੀ ਕਬਜ਼ਾ ਕਰਨ ਦੀ ਹਰਕਤ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਯਕੀਨੀ ਬਣਾਈ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਗੁਰਦੁਆਰਾ ਸਿੰਘ ਸਭਾ ਕਰਮਗੜ੍ਹ ਬਰਨਾਲਾ ਵਿਖੇ ਗੁਰਬਾਣੀ ਕੰਠ ਮੁਕਾਬਲੇ 14 ਅਪ੍ਰੈਲ ਨੂੰ ਹੇਠਾਂ ਦਿੱਤੇ ਨੰਬਰ ਤੇ ਸੰਪਰਕ ਕਰਕੇ ਬੱਚੇ ਆਪਣਾ ਨਾਮ ਦਰਜ ਕਰਵਾਉਣ

ਜੰਡਿਆਲਾ ਗੁਰੂ 30 ਮਾਰਚ ( ਕੁਲਵੰਤ ਸਿੰਘ ਵਿਰਦੀ ) ਪਿੰਡ ਕਰਮਗੜ੍ਹ ਗੁਰਦੁਆਰਾ ਸਿੰਘ ਸਭਾ ਸਾਹਿਬ ਬਰਨਾਲਾ ਵਿਖੇ ਮਾਤਾ ਸਾਹਿਬ ਕੌਰ ਸੋਸਾਇਟੀ ਵੱਲੋਂ 14 ਅਪ੍ਰੈਲ ਦਿਨ ਮੰਗਲਵਾਰ ਨੂੰ ਸਵੇਰੇ 10 ਵਜੇ ਬੱਚਿਆਂ ਦੇ ਗੁਰਬਾਣੀ ਕੰਠ ਮੁਕਾਬਲੇ ਕਰਵਾਏ ਜਾ ਰਹੇ ਹਨ ਅਤੇ ਇਨਾਂ ਮੁਕਾਬਲਿਆ ਵਿੱਚ ਐਂਟਰੀ ਫੀਸ:- 100 ਰੁ. ਹੋਵੇਗੀ ! ਜਿਸ ਵਿੱਚ ਪਹਿਲੇ ਗਰੁੱਪ ਚ 15 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ ਅਤੇ ਦੂਸਰੇ ਗਰੁੱਪ ਚ 15 ਸਾਲ ਤੋ 25 ਸਾਲ ਤੱਕ ਦੇ ਬੱਚੇ ਭਾਗ ਲੈ ਸਕਦੇ ਹਨ ਅਤੇ ਪਹਿਲੇ ਗਰੁੱਪ ਦੇ ਬੱਚਿਆਂ ਵਿੱਚੋਂ ਪਹਿਲੇ ਸਥਾਨ ਤੇ ਆਉਣ ਵਾਲੇ ਬੱਚੇ ਨੂੰ -10000 ਰੁਪਏ ਇਨਾਮ ਦਿੱਤਾ ਜਾਵੇਗਾ ਅਤੇ ਦੂਸਰੇ ਸਥਾਨ ਤੇ ਆਉਣ ਵਾਲੇ ਬੱਚੇ ਨੂੰ -8000 ਰੁਪਏ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚੇ ਨੂੰ 6000 ਰੁਪਏ ਇਨਾਮ ਦਿੱਤਾ ਜਾਵੇਗਾ ਅਤੇ 4 ਤੋਂ 9 ਤੱਕ ਦੇ ਸਥਾਨ ਤੇ ਆਉਣ ਵਾਲਿਆਂ ਬੱਚਿਆਂ ਨੂੰ ਦੋ ਦੋ ਹਜ਼ਾਰ ਰੁਪਏ ਇਨਾਮ ਦਿਤਾ ਜਾਵੇਗਾ ਅਤੇ ਇਸੇ ਤਰ੍ਹਾਂ ਦੁਸਰੇ ਗਰੁੱਪ ਦੇ ਬੱਚਿਆਂ ਵਿੱਚੋਂ ਪਹਿਲੇ ਸਥਾਨ ਤੇ ਆਉਣ ਵਾਲੇ ਬੱਚੇ ਨੂੰ 10000 ਰੁਪਏ ਅਤੇ ਦੂਸਰਾ ਸਥਾਨ ਪ੍ਰਾਪਤ ਕਰਨ ਵਾਲੇ ਬੱਚੇ ਨੂੰ -8000 ਰੁਪਏ ਅਤੇ ਤੀਸਰਾ ਸਥਾਨ ਹਾਸਲ ਕਰਨ ਵਾਲੇ ਬੱਚੇ ਨੂੰ 6000 ਰੁਪਏ ਅਤੇ 4 ਤੋ 9 ਨੰਬਰ ਤੱਕ ਦੀ ਪੁਜੀਸ਼ਨ ਹਾਸਲ ਕਰਨ ਵਾਲੇ ਬੱਚਿਆਂ ਨੂੰ ਵੀ ਦੋ ਦੋ ਹਜ਼ਾਰ ਰੁਪਏ ਇਨਾਮ ਦਿੱਤਾ ਜਾਵੇਗਾ ਅਤੇ ਇਨਾਂ ਮੁਕਾਬਲਿਆਂ ਵਿੱਚ ਪਹਿਲੇ ਗਰੁੱਪ ਚ ਭਾਗ ਲੈਣ ਵਾਲੇ ਬੱਚਿਆਂ ਨੂੰ 5 ਬਾਣੀਆਂ ਕੰਠ ਹੋਣੀਆਂ ਚਾਹੀਦੀਆਂ ਹਨ ਅਤੇ , ਦੁਸਰੇ ਗਰੁੱਪ ਚ ਭਾਗ ਲੈਣ ਵਾਲੇ ਬੱਚਿਆਂ ਨੂੰ 6 ਬਾਣੀਆਂ ਕੰਠ ਹੋਣੀਆਂ ਚਾਹੀਦੀਆਂ ਹਨ ਅਤੇ ਨਾਲ ਹੀ ਦੂਸਰੇ ਗਰੁੱਪ ਦੇ ਬੱਚਿਆਂ ਨੂੰ ਇਤਿਹਾਸ ਬਾਰੇ ਜਾਣਕਾਰੀ ਹੋਣੀ ਚਾਹੀਦੀ ਹੈ ਜਿਸ ਵਿੱਚ ਬੱਚਿਆਂ ਕੋਲੋਂ ਇਤਿਹਾਸ ਬਾਰੇ ਪ੍ਰਸ਼ਨ ਪੁੱਛੇ ਜਾਣਗੇ।ਇਹਨਾਂ ਗੁਰਬਾਣੀ ਕੰਠ ਮੁਕਾਬਲਿਆ ਵਿੱਚ ਕਿਸੇ ਵੀ ਪਿੰਡ ਸ਼ਹਿਰ ਦਾ ਬੱਚਾ ਭਾਗ ਲੈ ਸਕਦਾ ਹੈ ! ਇਨਾਂ ਮੁਕਾਬਲਿਆ ਵਿੱਚ ਭਾਗ ਲੈਣ ਵਾਲੇ ਬੱਚਿਆਂ ਵਿੱਚੋਂ ਜਿਨਾਂ ਦੀ ਕੋਈ ਪੁਜੀਸ਼ਨ ਨਹੀਂ ਆਉਂਦੀ ਉਨਾਂ ਬੱਚਿਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਇਨਾਂ ਗੁਰਬਾਣੀ ਕੰਠ ਮੁਕਾਬਲਿਆ ਵਿੱਚ ਭਾਗ ਲੈਣ ਲਈ ਮੋਬਾਇਲ ਨੰਬਰ 82645-94079 ਤੇ ਸੰਪਰਕ ਕਰਕੇ ਆਪਣਾ ਨਾਮ ਐਡਰੈਸ ਨੋਟ ਕਰਵਾਇਆ ਜਾ ਸਕਦਾ ਹੈ ! ਅਤੇ ਭਾਗ ਲੈਣ ਵਾਲੇ ਬੱਚਿਆਂ ਕੋਲ ਆਧਾਰ ਕਾਰਡ ਹੋਣਾ ਜਰੂਰੀ ਹੋਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਨਾਨ-ਅਲਕੋਹਲਿਕ ਸਟੀਟੋਹੈਪੇਟਾਈਟਸ ਇੱਕ ਗੰਭੀਰ ਸਿਹਤ ਸਮੱਸਿਆ ਵਜੋਂ ਉਭਰਿਆ: ਡਾ. ਮੁਕੇਸ਼ ਕੁਮਾਰ

**ਹੁਸ਼ਿਆਰਪੁਰ, 30 ਮਾਰਚ (ਆਵਾਜ਼ਿ ਕੌਮ ਬਿਊਰੋ)**-ਨਾਨ-ਅਲਕੋਹਲਿਕ ਸਟੀਟੋਹੈਪੇਟਾਈਟਸ (ਐਨਐਸਐਚਐਚ), ਫੈਟੀ ਲਿਵਰ ਦੀ ਬਿਮਾਰੀ ਦਾ ਇੱਕ ਉੱਨਤ ਅਤੇ ਸੰਭਾਵੀ ਤੌਰ 'ਤੇ ਘਾਤਕ ਰੂਪ, ਭਾਰਤ ਵਿੱਚ ਇੱਕ ਗੰਭੀਰ ਸਿਹਤ ਸਮੱਸਿਆ ਵਜੋਂ ਤੇਜ਼ੀ ਨਾਲ ਉੱਭਰ ਰਿਹਾ ਹੈ। ਖਾਸ ਕਰਕੇ ਮਾੜੀ ਜੀਵਨ ਸ਼ੈਲੀ ਦੀਆਂ ਆਦਤਾਂ ਅਤੇ ਮੈਟਾਬੋਲਿਕ ਵਿਕਾਰ ਵਾਲੇ ਵਿਅਕਤੀਆਂ ਵਿੱਚ ਐਨਐਸਐਚਐਚ ਮਾਮਲਿਆਂ ਦੀ ਗਿਣਤੀ ਵੱਧ ਰਹੀ ਹੈ, । ਲਿਵਾਸਾ ਹਸਪਤਾਲ, ਹੁਸ਼ਿਆਰਪੁਰ ਦੇ ਗੈਸਟਰੋ ਅਤੇ ਲਿਵਰ ਦੇ ਮਾਹਰ ਡਾ. ਮੁਕੇਸ਼ ਕੁਮਾਰ ਨੇ ਕਿਹਾ, "ਐਨਐਸਐਚਐਚ ਅਕਸਰ ਇੱਕ ਮੂਕਬਿਮਾਰੀ ਹੈ ਜੋ ਬਿਨਾਂ ਕਿਸੇ ਲੱਛਣ ਦੇ ਅੱਗੇ ਵਧਦੀ ਹੈ। ਜਦੋਂ ਤੱਕ ਲੱਛਣ ਦਿਖਾਈ ਦਿੰਦੇ ਹਨ, ਲਿਵਰ ਨੂੰ ਮਹੱਤਵਪੂਰਨ ਨੁਕਸਾਨ ਪਹਿਲਾਂ ਹੀ ਹੋ ਚੁੱਕਾ ਹੁੰਦਾ ਹੈ। ਸਿਰੋਸਿਸ ਜਾਂ ਲਿਵਰ ਫੇਲ੍ਹ ਹੋਣ ਵਰਗੀਆਂ ਅਟੱਲ ਪੇਚੀਦਗੀਆਂ ਨੂੰ ਰੋਕਣ ਲਈ ਸ਼ੁਰੂਆਤੀ ਨਿਦਾਨ ਅਤੇ ਸਮੇਂ ਸਿਰ ਜੀਵਨ ਸ਼ੈਲੀ ਵਿੱਚ ਬਦਲਾਅ ਬਹੁਤ ਜ਼ਰੂਰੀ ਹਨ। "ਐਨਐਸਐਚਐਚ ਲਿਵਰ ਦੀ ਬਿਮਾਰੀ ਦਾ ਇੱਕ ਉੱਨਤ ਪੜਾਅ ਹੈ ਜਿਸਦੀ ਵਿਸ਼ੇਸ਼ਤਾ ਚਰਬੀ ਇਕੱਠਾ ਹੋਣਾ, ਸੋਜਸ਼ ਅਤੇ ਲਿਵਰ ਦੇ ਸੈੱਲਾਂ ਨੂੰ ਨੁਕਸਾਨ ਹੁੰਦਾ ਹੈ। ਜੇਕਰ ਇਲਾਜ ਨਾ ਕੀਤਾ ਜਾਵੇ, ਤਾਂ ਇਹ ਫਾਈਬਰੋਸਿਸ ਸਿਰੋਸਿਸ ਅਤੇ ਲਿਵਰ ਫੇਲ੍ਹ ਹੋਣ ਵਿੱਚ ਵਧ ਸਕਦਾ ਹੈ। ਡਾ. ਕੁਮਾਰ ਨੇ ਸਮਝਾਇਆ ਕਿ ਐਨਐਸਐਚਐਚ ਦੀ ਵੱਧ ਰਹੀ ਘਟਨਾ ਮੋਟਾਪਾ ਅਤੇ ਜ਼ਿਆਦਾ ਭਾਰ, ਟਾਈਪ 2 ਸ਼ੂਗਰ, ਉੱਚ ਕੋਲੇਸਟ੍ਰੋਲ ਅਤੇ ਟ੍ਰਾਈਗਲਿਸਰਾਈਡਸ, ਮਾੜੀ ਜੀਵਨ ਸ਼ੈਲੀ, ਇਨਸੁਲਿਨ ਪ੍ਰਤੀਰੋਧ ਅਤੇ ਮਾੜੀਆਂ ਖਾਣ-ਪੀਣ ਦੀਆਂ ਆਦਤਾਂ ਨਾਲ ਨੇੜਿਓਂ ਜੁੜੀ ਹੋਈ ਹੈ। ਡਾ. ਕੁਮਾਰ ਨੇ ਕਿਹਾ ਕਿ ਐਨਐਸਐਚਐਚ ਅਕਸਰ ਆਪਣੇ ਸ਼ੁਰੂਆਤੀ ਪੜਾਵਾਂ ਵਿੱਚ ਲੱਛਣ ਰਹਿਤ ਹੁੰਦਾ ਹੈ। ਜਿਵੇਂ-ਜਿਵੇਂ ਇਹ ਵਧਦਾ ਹੈ, ਮਰੀਜ਼ਾਂ ਨੂੰ ਥਕਾਵਟ, ਪੇਟ ਵਿੱਚ ਬੇਅਰਾਮੀ, ਕਮਜ਼ੋਰੀ ਅਤੇ ਭਾਰ ਘਟਣ ਦਾ ਅਨੁਭਵ ਹੋ ਸਕਦਾ ਹੈ। ਗੰਭੀਰ ਮਾਮਲਿਆਂ ਵਿੱਚ, ਪੀਲੀਆ, ਪੇਟ ਵਿੱਚ ਸੋਜ, ਅਨੀਮੀਆ ਅਤੇ ਘੱਟ ਪਲੇਟਲੇਟ ਗਿਣਤੀ ਹੋ ਸਕਦੀ ਹੈ। ਇਲਾਜ ਅਤੇ ਰੋਕਥਾਮ ਬਾਰੇ ਬੋਲਦੇ ਹੋਏ, ਡਾ. ਕੁਮਾਰ ਨੇ ਕਿਹਾ ਕਿ ਇਲਾਜ ਵਿੱਚ ਖੂਨ ਦੀਆਂ ਜਾਂਚਾਂ, ਇਮੇਜਿੰਗ (ਅਲਟਰਾਸਾਊਂਡ, ਫਾਈਬਰੋਸਕੈਨ), ਅਤੇ ਕੁਝ ਮਾਮਲਿਆਂ ਵਿੱਚ, ਐਮਆਰਆਈ/ਸੀਟੀ ਜਾਂ ਲਿਵਰ ਬਾਇਓਪਸੀ ਸ਼ਾਮਲ ਹਨ। ਹਾਲਾਂਕਿ ਕੋਈ ਇੱਕ ਵੀ ਪ੍ਰਵਾਨਿਤ ਦਵਾਈ ਨਹੀਂ ਹੈ, ਪਰ ਐਨਐਸਐਚਐਚ ਨੂੰ ਭਾਰ ਘਟਾਉਣ (7-10%), ਸਿਹਤਮੰਦ ਖੁਰਾਕ ਦੀ ਪਾਲਣਾ ਕਰਕੇ, ਨਿਯਮਿਤ ਤੌਰ 'ਤੇ ਕਸਰਤ ਕਰਕੇ, ਅਤੇ ਸ਼ੂਗਰ ਅਤੇ ਕੋਲੈਸਟ੍ਰੋਲ ਨੂੰ ਕੰਟਰੋਲ ਕਰਕੇ ਪ੍ਰਬੰਧਿਤ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243